SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 70 | Monday, April 10, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਪੀਜ਼ਾ ਡਲਿਵਰੀ ਡਰਾਈਵਰ ਬਣ ਕੇ ਲੋਕਾਂ ਦੇ ਡੈਬਿਟ ਕਾਰਡ ਚੋਰੀ ਕਰਨ ਵਾਲੇ ਦੋ ਮਸ਼ਕੂਕਾਂ ਦੀ ਭਾਲ ਕਰ ਰਹੀ ਹੈ ਪੁਲਿਸ




ਓਨਟਾਰੀਓ, 9 ਅਪਰੈਲ (ਪੋਸਟ ਬਿਊਰੋ) : ਪੀਜ਼ਾ ਡਲਿਵਰੀ ਡਰਾਈਵਰ ਤੇ ਗਾਹਕ ਬਣ ਕੇ ਲੋਕਾਂ ਦੇ ਡੈਬਿਟ ਕਾਰਡ ਚੋਰੀ ਕਰਨ ਵਾਲੇ ਦੋ ਵਿਅਕਤੀਆਂ ਦੀ ਪੁਲਿਸ ਭਾਲ ਕਰ ਰਹੀ ਹੈ। ਇਹ ਦੋਵੇਂ ਵਿਅਕਤੀ ਫਰੌਡ ਦੇ ਮਾਮਲੇ ਵਿੱਚ ਲੋੜੀਂਦੇ ਹਨ।

ਸ਼ੁੱਕਰਵਾਰ ਨੂੰ ਇੱਕ ਮਹਿਲਾ ਯੰਗ ਸਟਰੀਟ ਤੇ ਫਿੰਚ ਐਵਨਿਊ ਈਸਟ ਇਲਾਕੇ ਵਿੱਚ ਸੀ ਜਦੋਂ ਜਾਮਣੀ ਰੰਗ ਦੀ ਹੌਂਡਾ ਐਸਯੂਵੀ ਲੈ ਕੇ ਦੋ ਵਿਅਕਤੀ ਉਸ ਕੋਲ ਪਹੁੰਚੇ। ਪੈਸੈਂਜਰ ਇਹ ਆਖਦਿਆਂ ਹੋਇਆਂ ਕਾਰ ਤੋਂ ਬਾਹਰ ਨਿਕਲ ਗਈ ਕਿ ਡਰਾਈਵਰ ਪੀਜ਼ਾ ਡਲਿਵਰੀ ਕਰਨ ਵਾਲਾ ਸ਼ਖਸ ਸੀ ਜਿਹੜਾ ਨਕਦ ਪੈਸੇ ਨਹੀਂ ਸੀ ਸਵੀਕਾਰ ਕਰ ਰਿਹਾ। ਡਰਾਈਵਰ ਨੇ ਮਹਿਲਾ ਨੂੰ ਡੈਬਿਟ ਕਾਰਡ ਰਾਹੀਂ ਅਦਾਇਗੀ ਕਰਨ ਲਈ ਆਖਿਆ। ਜਦੋਂ ਮਹਿਲਾ ਨੇ ਆਪਣਾ ਡੈਬਿਟ ਕਾਰਡ ਦਿੱਤਾ ਤਾਂ ਉਸ ਨੂੰ ਦੂਜੇ ਕਾਰਡ ਨਾਲ ਬਦਲ ਦਿੱਤਾ ਗਿਆ ਜਿਹੜਾ ਉਸ ਮਹਿਲਾ ਦਾ ਨਹੀਂ ਸੀ।

ਇਸ ਇਲਾਕੇ ਵਿੱਚ ਇਸ ਤਰ੍ਹਾਂ ਦੇ ਕਈ ਹੋਰ ਮਾਮਲੇ ਵੀ ਸਾਹਮਣੇ ਆਏ ਹਨ। ਮਸ਼ਕੂਕਾਂ ਦੇ ਸਬੰਧ ਵਿੱਚ ਜਾਰੀ ਕੀਤੇ ਗਏ ਵੇਰਵੇ ਅਨੁਸਾਰ ਦੋਵੇਂ ਮਸ਼ਕੂਕ 20 ਤੋਂ 25 ਸਾਲ ਦਰਮਿਆਨ ਹਨ, ਡਰਾਈਵਰ ਦੇ ਦਾੜ੍ਹੀ ਰੱਖੀ ਹੋਈ ਹੈ ਤੇ ਪੈਸੈਂਜਰ ਦੇ ਘੁੰਗਰਾਲੇ ਤੇ ਹਲਕੇ ਭੂਰੇ ਵਾਲ ਹਨ ਤੇ ਉਸ ਨੇ ਕਾਲੇ ਰੰਗ ਦੀ ਜੈਕੇਟ ਪਾਈ ਹੋਈ ਸੀ।

## ਮਸਜਿਦ ਵਿੱਚ ਹੇਟ ਕ੍ਰਾਈਮ ਤਹਿਤ ਹਰਕਤਾਂ ਕਰਨ ਵਾਲੇ ਨੂੰ ਕੀਤਾ ਗਿਆ ਚਾਰਜ



ਮਾਰਖਮ, 9 ਅਪਰੈਲ (ਪੋਸਟ ਬਿਊਰੋ) : ਪਿਛਲੇ ਹਫਤੇ ਮਾਰਖਮ ਦੀ ਇੱਕ ਮਸਜਿਦ ਵਿੱਚ ਹੇਟ ਕ੍ਰਾਈਮ ਤਹਿਤ ਹਰਕਤਾਂ ਕਰਨ ਦੇ ਸਬੰਧ ਵਿੱਚ ਫੜ੍ਹੇ ਗਏ ਇੱਕ 28 ਸਾਲਾ ਵਿਅਕਤੀ ਨੂੰ ਕਈ ਚਾਰਜਿਜ਼ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

ਇਸਲਾਮਿਕ ਸੁਸਾਇਟੀ ਆਫ ਮਾਰਖਮ (ਆਈਐਸਐਮ) ਨੇ ਦੱਸਿਆ ਕਿ 6 ਅਪਰੈਲ ਦੀ ਸਵੇਰ ਨੂੰ ਇੱਕ ਵਿਅਕਤੀ ਡੈਨੀਸਨ ਸਟਰੀਟ ਉੱਤੇ ਸਥਿਤ ਮਸਜਿਦ ਵਿੱਚ ਆਇਆ ਤੇ ਉਸ ਨੇ ਆਉਂਦੇ ਸਾਰ ਹੀ ਕੁਰਾਨ ਦੀ ਕਾਪੀ ਫਾੜ ਦਿੱਤੀ ਤੇ ਇਸ ਦੇ ਨਾਲ ਹੀ ਸ਼ਰਧਾਲੂਆਂ ਖਿਲਾਫ ਨਸਲੀ ਤੇ ਇਸਲਾਮੋਫੋਬਿਕ ਟਿੱਪਣੀਆਂ ਕਰਨੀਆਂ ਸ਼ੁਰੂ ਕਰ ਦਿੱਤੀਆਂ। ਅਧਿਕਾਰੀਆਂ ਅਨੁਸਾਰ ਉਸ ਸਮੇਂ ਰਮਜ਼ਾਨ ਕਾਰਨ ਮਸਜਿਦ ਵਿੱਚ ਕਾਫੀ ਭੀੜ ਸੀ।

ਸੁਸਾਇਟੀ ਨੇ ਬਿਆਨ ਵਿੱਚ ਆਖਿਆ ਕਿ ਮਸਜਿਦ ਛੱਡਣ ਸਮੇਂ ਇਸ ਵਿਅਕਤੀ ਨੇ ਆਪਣੀ ਗੱਡੀ ਕਈ ਸ਼ਰਧਾਲੂਆਂ ਉੱਤੇ ਚੜ੍ਹਾਉਣ ਦੀ ਕੋਸ਼ਿਸ਼ ਵੀ ਕੀਤੀ। ਇਸ ਬਿਆਨ ਵਿੱਚ ਇਹ ਵੀ ਆਖਿਆ ਗਿਆ ਕਿ ਇਸ ਘਟਨਾ ਕਾਰਨ ਉਹ ਕਾਫੀ ਡਰ ਗਏ ਹਨ ਕਿਉਂਕਿ ਇਹ ਘਟਨਾ ਲੰਡਨ ਟੈਰਰ ਅਟੈਕ ਦੀ ਬਰਸੀ ਦੇ ਐਨ ਨੇੜੇ ਵਾਪਰੀ ਹੈ। ਪੀਲ ਪੁਲਿਸ ਨੇ ਦੱਸਿਆ ਕਿ ਇਸ ਸਬੰਧ ਵਿੱਚ 28 ਸਾਲਾਂ ਦੇ ਸ਼ਰਨ ਕਰੁਨਾਕਰਨ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਉਸ ਨੂੰ ਧਮਕੀਆਂ ਦੇਣ, ਹਥਿਆਰ ਨਾਲ ਹਮਲਾ ਕਰਨ ਤੇ ਖਤਰਨਾਕ ਡਰਾਈਵਿੰਗ ਲਈ ਚਾਰਜ ਕੀਤਾ ਗਿਆ।

ਪੁਲਿਸ ਨੇ ਆਖਿਆ ਕਿ ਉਹ ਇਸ ਗੱਲ ਨੂੰ ਲੈ ਕੇ ਵੀ ਚਿੰਤਤ ਹਨ ਕਿ ਇਸ ਘਟਨਾ ਦੇ ਸ਼ਿਕਾਰ ਹੋਰ ਲੋਕ ਵੀ ਹੋਏ ਹੋ ਸਕਦੇ ਹਨ। ਉਨ੍ਹਾਂ ਆਖਿਆ ਕਿ ਅਜਿਹਾ ਹੋਣ ਦੀ ਸੂਰਤ ਵਿੱਚ ਕੋਈ ਵੀ ਉਨ੍ਹਾਂ ਨਾਲ ਸੰਪਰਕ ਕਰ ਸਕਦਾ ਹੈ।

## ਰੌਜਰਜ਼ ਰੋਡ ਉੱਤੇ ਇੱਕ ਗੱਡੀ ਉੱਤੇ ਡਿੱਗੀ ਕੰਧ



ਟੋਰਾਂਟੋ, 9 ਅਪਰੈਲ (ਪੋਸਟ ਬਿਊਰੋ) : ਵੈਸਟਨ ਰੋਡ ਦੇ ਪੂਰਬ ਵੱਲ 490 ਰੌਜਰਜ਼ ਰੋਡ ਉੱਤੇ ਸਥਿਤ ਇਮਾਰਤ ਦੀ ਇੱਕ ਕੰਧ ਡਿੱਗਣ ਕਾਰਨ ਕਾਫੀ ਨੁਕਸਾਨ ਪਹੁੰਚਿਆ।

ਮੁੱਢਲੀਆਂ ਖਬਰਾਂ ਮਿਲਣ ਤੋਂ ਬਾਅਦ ਪੁਲਿਸ ਡਿੱਗੀ ਹੋਈ ਕੰਧ ਵਾਲੀ ਥਾਂ ਉੱਤੇ ਪਹੁੰਚੀ ਤੇ ਪਾਇਆ ਕਿ ਇੱਟਾਂ ਵਾਲੀ ਕੰਧ ਦਾ ਕੁੱਝ ਹਿੱਸਾ ਇੱਕ ਗੱਡੀ ਤੇ ਦੋ ਘਰਾਂ ਦਰਮਿਆਨ ਜਾ ਡਿੱਗਿਆ। ਇਸ ਇਮਾਰਤ ਨੂੰ ਅਸਥਿਰ ਦੱਸਿਆ ਗਿਆ ਤੇ ਇਹ ਵੀ ਆਖਿਆ ਗਿਆ ਕਿ ਇਸ ਦੇ ਹੋਰ ਹਿੱਸੇ ਵੀ ਡਿੱਗ ਸਕਦੇ ਹਨ। ਹਾਲਾਂਕਿ ਇਸ ਦੌਰਾਨ ਕਿਸੇ ਦੇ ਜ਼ਖ਼ਮੀ ਹੋਣ ਦੀ ਖਬਰ ਨਹੀਂ ਹੈ ਪਰ ਇਲਾਕੇ ਦੀਆਂ ਸੜਕਾਂ ਨੂੰ ਬੰਦ ਕਰ ਦਿੱਤਾ ਗਿਆ। ਐਮਰਜੰਸੀ ਅਮਲਾ ਵੀ ਮੌਕੇ ਉੱਤੇ ਮੌਜੂਦ ਸੀ।

## ਰਾਹਗੀਰ ਨੇ ਕੀਤੀ ਹਥਿਆਰਬੰਦ ਕਾਰਜੈਕਿੰਗ ਦੀ ਕੋਸ਼ਿਸ਼ ਨਾਕਾਮ



ਬਰੈਂਪਟਨ, 9 ਅਪਰੈਲ (ਪੋਸਟ ਬਿਊਰੋ) : ਬਰੈਂਪਟਨ ਵਿੱਚ ਹਥਿਆਰਬੰਦ ਕਾਰਜੈਕਿੰਗ ਦੀ ਕੋਸ਼ਿਸ਼ ਨੂੰ ਨਾਕਾਮ ਕਰ ਦਿੱਤਾ ਗਿਆ ਤੇ ਮਸ਼ਕੂਕ ਇਸ ਸਮੇਂ ਹਸਪਤਾਲ ਵਿੱਚ ਦਾਖਲ ਹੈ।

ਪੀਲ ਪੁਲਿਸ ਨੇ ਦੱਸਿਆ ਕਿ ਐਤਵਾਰ ਨੂੰ ਸਵੇਰੇ 8:30 ਵਜੇ ਤੋਂ ਬਾਅਦ ਸਟੀਲਜ਼ ਐਵਨਿਊ ਵੈਸਟ ਤੇ ਮਿਸੀਸਾਗਾ ਰੋਡ ਇਲਾਕੇ ਵਿੱਚ ਸਥਿਤ ਗੈਸ ਸਟੇਸ਼ਨ ਉੱਤੇ ਇੱਕ ਹਥਿਆਰਬੰਦ ਵਿਅਕਤੀ ਪਹੁੰਚਿਆ ਤੇ ਉਸ ਨੇ ਕਾਰਜੈਕਿੰਗ ਦੀ ਕੋਸ਼ਿਸ਼ ਕੀਤੀ। ਪਰ ਨੇੜੇ ਹੀ ਮੌਜੂਦ ਇੱਕ ਰਾਹਗੀਰ ਨੇ ਮਾਮਲੇ ਦੀ ਨਜ਼ਾਕਤ ਨੂੰ ਸਮਝਦਿਆਂ ਦਖਲ ਦਿੱਤਾ ਤੇ ਮਸ਼ਕੂਕ ਨੂੰ ਅਜਿਹਾ ਕਰਨ ਤੋਂ ਰੋਕ ਦਿੱਤਾ। ਮਸ਼ਕੂਕ ਨੂੰ ਉਦੋਂ ਤੱਕ ਕਾਬੂ ਕਰਕੇ ਰੱਖਿਆ ਗਿਆ ਜਦੋਂ ਤੱਕ ਪੁਲਿਸ ਨਹੀਂ ਪਹੁੰਚ ਗਈ।

ਪੁਲਿਸ ਨੇ ਦੱਸਿਆ ਕਿ ਮਸ਼ਕੂਕ ਨੂੰ ਮਾਮੂਲੀ ਸੱਟਾਂ ਦੇ ਇਲਾਜ ਲਈ ਨੇੜਲੇ ਹਸਪਤਾਲ ਲਿਜਾਇਆ ਗਿਆ। ਅਜੇ ਤੱਕ ਉਸ ਖਿਲਾਫ ਚਾਰਜਿਜ਼ ਨਹੀਂ ਲਾਏ ਗਏ ਹਨ। ਮਾਮੂਲੀ ਸੱਟਾਂ ਲੱਗਣ ਕਾਰਨ ਰਾਹਗੀਰ ਦਾ ਵੀ ਮੌਕੇ ਉੱਤੇ ਹੀ ਇਲਾਜ ਕਰ ਦਿੱਤਾ ਗਿਆ।

NOW HIRING !!!
ALLKIND INSURANCE
• Life Insurance • Super Visa Insurance
• Critical illness Ins • Mortgage Insurance
• Travel & Visitor Ins • Disability Insurance
• RESP & TFSA & RRSP • Funeral Insurance
SIMRAN SAINI
416.994.7272
www.allkindinsurance.com

ਨੈਨੀ ਦੀ ਲੋੜ
ਬਰੈਂਪਟਨ ਵਿਚ ਘਰ ਦਾ ਕੰਮ ਕਰਨ ਲਈ ਨੈਨੀ ਦੀ ਲੋੜ ਹੈ।
ਸੰਪਰਕ ਕਰੋ:
416-556-6884

INSURANCE
Home, Auto, Business, Trucking, Life Insurance, Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LePAGE Flower City Realty

ON TIME HEATING COOLING & REFRIGERATION
ac - furnance - heat pump -
boilers - gasline - walk in cooler -
water heater
Fully licensed team and govt. rebate upto $8,000
SAURAVDEEP SINGH: 226-332-4040

PEST PROBLEM ?
Residential & Commercial
All Pest Control
100% Customer Satisfaction
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

OURR HOME & APPLIANCES
Colour options available
Spring SALE with fresh deals
$1699* $299 $299 $2999* $399 $4499*
KitchenAid moffat MAYTAG LG SAMSUNG Electrolux JENNAIR BOSCH Whirlpool
416-551-5553
WWW.OURRHOMEAPPLIANCES.COM

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axxel InsuranceBrokers Ltd. 1332 Khalsa Dr, Unit # 11, Mississauga, ON L5S 0A2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir: 647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
Immigration, Real Estate, Family Law, Business Closing, Corporate, Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Royal Pest Control
Residential Commercial Industrial
Specialist in Bedbugs Service
All Pest Control :
• Mouse & Rats • Spiders & Fleas • Bedbugs • Wasps
• Cockroaches • Carpenter Ants • Silver Fish • Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕਰਜ਼ੇ ਦੀ ਸਿਰਦਰਦੀ ?
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types, Walkie pallet Low Lift, Electric Motor Narrow Aisle Reach, Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

A-One Drivers
TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
ਲੇਡੀਜ਼ ਇੰਸਟ੍ਰਕਟਰ
647-998-7500 ਬਲਵਿੰਦਰ

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Inc.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਗੱਡੀਆਂ ਚੋਰੀ ਕਰਨ ਵਾਲੇ ਦੋ ਮਸ਼ਕੂਕ ਗ੍ਰਿਫਤਾਰ, ਸੱਤ ਗੱਡੀਆਂ ਹੋਈਆਂ ਬਰਾਮਦ




ਮਿਸੀਸਾਗਾ, 9 ਅਪਰੈਲ (ਪੋਸਟ ਬਿਊਰੋ) : ਮਿਸੀਸਾਗਾ ਵਿੱਚ ਗੱਡੀਆਂ ਚੋਰੀ ਕਰਨ ਦੇ ਸਿਲਸਿਲੇ ਦੇ ਸਬੰਧ ਵਿੱਚ ਕੀਤੀ ਗਈ ਜਾਂਚ ਤੋਂ ਬਾਅਦ ਦੋ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਤੇ ਉਨ੍ਹਾਂ ਉੱਤੇ 14 ਚਾਰਜਿਜ਼ ਲਾਏ ਗਏ ਹਨ।

ਪੀਲ ਰੀਜਨਲ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਟੋਰਾਂਟੋ ਪੀਅਰਸਨ ਏਅਰਪੋਰਟ ਨੇੜੇ ਮੇਅਰਸਾਈਡ ਡਰਾਈਵ ਤੇ ਡਿਕਸੀ ਰੋਡ ਇਲਾਕੇ ਵਿੱਚ ਸਥਿਤ ਇੱਕ ਇੰਡਸਟਰੀਅਲ ਯੂਨਿਟ ਤੋਂ ਪੁਲਿਸ ਨੂੰ ਚੋਰੀ ਕੀਤੀਆਂ ਗਈਆਂ ਸੱਤ ਗੱਡੀਆਂ ਬਰਾਮਦ ਹੋਈਆਂ। ਇਨ੍ਹਾਂ ਚੋਰੀ ਕੀਤੀਆਂ ਗਈਆਂ ਗੱਡੀਆਂ ਵਿੱਚ 2022 ਮਾਡਲ ਦੀਆਂ ਦੋ ਹੌਂਡਾ ਸੀਆਰਵੀਜ਼, 2020 ਮਾਡਲ ਦੀ ਇੱਕ ਹੌਂਡਾ ਸੀਆਰਵੀ ਤੇ 2017 ਮਾਡਲ ਦੀ ਹੌਂਡਾ ਪਾਇਲਟ, 2015 ਮਾਡਲ ਦੀ ਟੌਇਟਾ ਸਿਏਨਾ ਤੇ 2021 ਮਾਡਲ ਦੀਆਂ ਦੋ ਟੌਇਟਾ ਹਾਈਲੈਂਡਰਜ਼ ਵੀ ਸ਼ਾਮਲ ਸਨ।

ਪੁਲਿਸ ਨੇ ਦੱਸਿਆ ਕਿ ਗੱਡੀਆਂ ਦੇ ਅਸਲ ਮਾਲਕਾਂ ਨੂੰ ਇਸ ਬਾਰੇ ਜਾਣੂ ਕਰਵਾ ਦਿੱਤਾ ਗਿਆ ਹੈ। 33 ਸਾਲਾ ਕਿੰਗਸਲੇਅ ਮੈਨਸਾਹ ਤੇ 29 ਸਾਲਾ ਕਲਿੰਟਨ ਅਸਾਂਤੇ ਨੂੰ ਜੁਰਮ ਨਾਲ ਕਮਾਈ ਪ੍ਰਾਪਰਟੀ ਰੱਖਣ ਤੇ 5000 ਡਾਲਰ ਤੋਂ ਵੱਧ ਦੀਆਂ ਚੋਰੀ ਦੀਆਂ ਵਸਤਾਂ ਨੂੰ ਹਾਸਲ ਕਰਨ ਦੇ ਸੱਤ ਮਾਮਲੇ (ਪ੍ਰਤੀ ਵਿਅਕਤੀ) ਲਈ ਚਾਰਜ ਕੀਤਾ ਗਿਆ ਹੈ।

## ਦੋ ਗੱਡੀਆਂ ਦੀ ਟੱਕਰ ਵਿੱਚ ਇੱਕ ਹਲਾਕ, ਇੱਕ ਜ਼ਖ਼ਮੀ



ਬਰੈਂਪਟਨ, 9 ਅਪਰੈਲ (ਪੋਸਟ ਬਿਊਰੋ) : ਸ਼ੁੱਕਰਵਾਰ ਸਵੇਰੇ ਬਰੈਂਪਟਨ ਵਿੱਚ ਦੋ ਗੱਡੀਆਂ ਦੀ ਹੋਈ ਟੱਕਰ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਤੇ ਦੂਜਾ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।

ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ ਨੇ ਦੱਸਿਆ ਕਿ ਇਹ ਹਾਦਸਾ ਸਟੀਲਜ਼ ਐਵਨਿਊ ਨੇੜੇ ਹਾਈਵੇਅ 410 ਉੱਤੇ ਦੱਖਣ ਵਾਲੀਆਂ ਲੇਨਜ਼ ਵਿੱਚ ਤੜ੍ਹਕੇ 1:00 ਵਜੇ ਦੋ ਗੱਡੀਆਂ ਵਿਚਾਲੇ ਹੋਈ ਟੱਕਰ ਕਾਰਨ ਵਾਪਰਿਆ। ਹਾਦਸੇ ਦਾ ਸ਼ਿਕਾਰ ਹੋਏ ਦੋਵੇਂ ਵਿਅਕਤੀ ਇੱਕੋ ਗੱਡੀ ਵਿੱਚ ਸਵਾਰ ਸਨ। ਪੈਸੈਂਜਰ ਦੀ ਮੌਤ ਜ਼ਖ਼ਮਾਂ ਦੀ ਤਾਬ ਨਾ ਸਹਾਰਨ ਕਾਰਨ ਹੋ ਗਈ ਤੇ ਡਰਾਈਵਰ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜ-ਾਇਆ ਗਿਆ।

ਦੂਜੀ ਗੱਡੀ ਵਿੱਚ ਸਵਾਰ ਕਿਸੇ ਵੀ ਵਿਅਕਤੀ ਨੂੰ ਕੋਈ ਸੱਟ-ਫੇਟ ਨਹੀਂ ਲੱਗੀ। ਹਾਈਵੇਅ 410 ਉੱਤੇ ਦੱਖਣ ਵਾਲੀਆਂ ਲੇਨਜ਼ ਉੱਤੇ ਸਟੀਲਜ਼ ਦੇ ਪੂਰਬ ਵਾਲੇ ਰੈਂਪ ਨੂੰ ਜਾਂਚ ਲਈ ਬੰਦ ਕਰ ਦਿੱਤਾ ਗਿਆ ਹੈ।

## ਛੁਰੇਬਾਜ਼ੀ ਵਿੱਚ ਇੱਕ ਗੰਭੀਰ ਜ਼ਖ਼ਮੀ



ਟੋਰਾਂਟੋ, 9 ਅਪਰੈਲ (ਪੋਸਟ ਬਿਊਰੋ) : ਸ਼ੁੱਕਰਵਾਰ ਨੂੰ ਸਵੇਰੇ ਲਾਅਰੈਂਸ ਹਾਈਟਸ ਇਲਾਕੇ ਵਿੱਚ ਛੁਰੇਬਾਜ਼ੀ ਦੀ ਵਾਪਰੀ ਘਟਨਾ ਵਿੱਚ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ।

ਛੁਰੇਬਾਜ਼ੀ ਦੀਆਂ ਖਬਰਾਂ ਮਿਲਣ ਤੋਂ ਬਾਅਦ ਪੁਲਿਸ ਸਵੇਰੇ 6:30 ਵਜੇ ਦੇ ਨੇੜੇ ਤੇੜੇ ਫਲੈਮਿੰਗਟਨ ਪਾਰਕ ਤੇ ਰੈਪਲਿਨ ਰੋਡ ਏਰੀਆ ਵਿੱਚ ਪਹੁੰਚੀ। ਟੋਰਾਂਟੋ ਪੁਲਿਸ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਕਿ ਇੱਕ ਵਿਅਕਤੀ ਨੂੰ ਗੰਭੀਰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ।

ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ ਤੇ ਮਸ਼ਕੂਕਾਂ ਬਾਰੇ ਕੋਈ ਜਾਣਕਾਰੀ ਜਾਰੀ ਨਹੀਂ ਕੀਤੀ ਗਈ।

## ਚੀਨ ਵਿਚ ਜਨਮ ਦਰ ਵਿਚ ਗਿਰਾਵਟ, ਬਜ਼ੁਰਗਾਂ ਦੀ ਆਬਾਦੀ ਵਿਚ ਹੋਇਆ ਵਾਧਾ



ਬੀਜਿੰਗ, 9 ਅਪ੍ਰੈਲ (ਪੋਸਟ ਬਿਊਰੋ): ਚੀਨ 'ਚ 'ਵਨ ਚਾਈਲਡ ਪਾਲਿਸੀ' ਕਾਰਨ ਆਬਾਦੀ 'ਚ ਭਾਰੀ ਗਿਰਾਵਟ ਦੇਖਣ ਨੂੰ ਮਿਲ ਰਹੀ ਹੈ। ਸੈਂਟਰ ਫਾਰ ਪਾਲਿਸੀ ਸਟੱਡੀਜ਼ ਦੇ ਰਿਸਰਚ ਫੈਲੋ ਸ਼ਿਉਜਿਆਨ ਪੇਂਗ ਦੇ ਅਨੁਸਾਰ, ਦੇਸ਼ ਦੀ ਜਨਸੰਖਿਆ ਨਿਯੋਜਨ ਪਹਿਲ 'ਵਨ ਚਾਈਲਡ ਪਾਲਿਸੀ' ਦੇ ਰੂਪ ਵਿੱਚ ਚੀਨ ਦਾ ਜਨਸੰਖਿਆ ਸੰਕਟ ਡੂੰਘਾ ਹੋ ਰਿਹਾ ਹੈ। ਇਸ ਤਹਿਤ ਸਰਕਾਰ ਪਰਿਵਾਰਾਂ ਨੂੰ ਇਕ ਬੱਚਾ ਪੈਦਾ ਕਰਨ ਲਈ ਮਜਬੂਰ ਕਰਦੀ ਸੀ, ਜਿਸ ਕਾਰਨ ਆਬਾਦੀ ਵਿੱਚ ਕਮੀ ਆਈ ਹੈ।

ਸ਼ੀ ਜਿਨਪਿੰਗ ਦੀ ਸਖ਼ਤ ਜ਼ੀਰੋ-ਕੋਵਿਡ ਨੀਤੀ ਔਰਤਾਂ ਦੁਆਰਾ ਬੱਚੇ ਪੈਦਾ ਕਰਨ ਵਿੱਚ ਦੇਰੀ ਕਰਨ ਜਾਂ ਛੱਡ ਦੇਣ ਦਾ ਇਕ ਹੋਰ ਵੱਡਾ ਕਾਰਨ ਹੈ। ਘਟਦੀ ਜਨਮ ਦਰ ਦੇ ਬਾਵਜੂਦ ਚੀਨ ਵਿੱਚ ਬਜ਼ੁਰਗਾਂ ਦੀ ਗਿਣਤੀ ਵੱਧ ਰਹੀ ਹੈ। 2035 ਤੱਕ ਚੀਨ ਵਿੱਚ 400 ਮਿਲੀਅਨ ਜਾਂ ਪੂਰੇ ਦੇਸ਼ ਦੀ ਆਬਾਦੀ ਦਾ 30 ਪ੍ਰਤੀਸ਼ਤ ਦੀ ਉਮਰ ਵਧਣ ਦੀ ਸੰਭਾਵਨਾ ਹੈ।

ਇਕ ਮੀਡੀਆ ਪੇਸ਼ੇਵਰ ਕਲੇਰ ਜਿਆਂਗ ਦੇ ਅਨੁਸਾਰ ਆਉਣ ਵਾਲੇ ਜਨਸੰਖਿਆ ਸੰਕਟ ਨੂੰ ਟਾਲਣ ਲਈ 'ਵਨ ਚਾਈਲਡ ਪਾਲਿਸੀ' ਨੂੰ ਸੌਖਾ ਬਣਾਉਣ ਦੇ ਬਾਵਜੂਦ 2017 ਤੋਂ ਬਾਅਦ ਚੀਨ ਦੀ ਜਨਮ ਦਰ ਵਿੱਚ ਗਿਰਾਵਟ ਆਈ ਹੈ।

ਇਸ ਤੋਂ ਇਲਾਵਾ, ਅਜੋਕੀ ਪੀੜ੍ਹੀ ਬੱਚਿਆਂ ਦਾ ਪਾਲਣ-ਪੋਸ਼ਣ ਨਾ ਕਰ ਸਕਣ, ਪਰਿਵਾਰ ਪਾਲਣ 'ਚ ਮੁਸ਼ਕਿਲਾਂ, ਰੁਜ਼ਗਾਰ 'ਚ ਅਨਿਸ਼ਚਿਤਤਾਵਾਂ ਵਰਗੇ ਕਾਰਨਾਂ ਕਰਕੇ ਛੋਟੇ ਪਰਿਵਾਰ ਨੂੰ ਉਤਸ਼ਾਹਿਤ ਕਰ ਰਹੀ ਹੈ। ਇੱਥੋਂ ਤੱਕ ਕਿ ਹਾਂਗਕਾਂਗ ਅੰਤਰਰਾਸ਼ਟਰੀ ਵਿੱਤ ਦਾ ਇਕ ਵੱਡਾ ਕੇਂਦਰ ਆਪਣੀ ਆਬਾਦੀ ਤੇਜ਼ੀ ਨਾਲ ਗੁਆ ਰਿਹਾ ਹੈ। ਪੋਰਟਲ ਪਲੱਸ ਦੇ ਅਨੁਸਾਰ, ਇਹ ਸ਼ਹਿਰ ਰਾਸ਼ਟਰੀ ਰੁਝਾਨ ਦੀ ਪਾਲਣਾ ਕਰਦੇ ਜਾਪਦੇ ਹਨ, ਜਿਸ ਵਿੱਚ ਜਨਮ ਦਰ 'ਚ ਗਿਰਾਵਟ ਅਤੇ ਬਜ਼ੁਰਗਾਂ ਦੀ ਆਬਾਦੀ ਵਿੱਚ ਵਾਧਾ ਦੇਖਿਆ ਜਾ ਰਿਹਾ ਹੈ।

## ਅੱਜ ਨਾਮਾ

ਮੌਸਮ ਆਂਵਦਾ ਕਈ ਵਾਰ ਇਸ ਤਰ੍ਹਾਂ ਦਾ,
ਜਾਂਦੀ ਕਹੀ ਨਹੀਂ ਸੁੱਝੀ ਹੋਈ ਗੱਲ ਮੀਆਂ।
ਪਹਿਲਾਂ ਬੋਲਣ ਤੋਂ ਸੋਚਣ ਦੀ ਲੋੜ ਲਗਦੀ,
ਅਗਲੇ ਸਕਣੀਕਿ ਨਹੀਂ ਇਹ ਝੱਲ ਮੀਆਂ।
ਪੁਆੜਾ ਪੈਣ ਦਾ ਬਹੁਤ ਆ ਡਰ ਰਹਿੰਦਾ,
ਦੁਬਿਧਾ ਰਾਹਾਂ ਨੂੰ ਬੈਠ ਜਾਏ ਮੱਲ ਮੀਆਂ।
ਕਿਸੇ ਨਾਲ ਹੁੰਦੀ ਆਕਰਨ ਵਿਚਾਰ ਔਖੀ,
ਵਜਾ ਦਏ ਮੂਹਰਲਾ ਐਵੇਂ ਨਾ ਟੱਲ ਮੀਆਂ।
ਅੰਦਰੋ-ਅੰਦਰ ਫਿਰ ਰਿੱਝਦਾ ਬਹੁਤ ਬੰਦਾ,
ਵੱਟ ਲਏ ਚੀਸ ਫਿਰ ਪੀੜ ਨੂੰ ਸਹੇ ਮੀਆਂ।
ਅੰਦਰੋ-ਅੰਦਰ ਬੱਸ ਰਿੜਕਦਾ ਰਹੇ ਮੀਆਂ,
ਦਿਲ ਦੀ ਗੱਲ ਆਖਰ ਕੀਹਨੂੰ ਕਹੇ ਮੀਆਂ।

**ਤੀਸ ਮਾਰ ਖਾਂ**






















# ਹਿੰਦੁਸਤਾਨ ਦੇ ਸ਼ਬਦ ਨਾਲ ਖਿਲਵਾੜ ਹੋ ਸਕਦੈ, ਪਰ ਇਤਿਹਾਸ ਵਿੱਚ ਦਰਜ ਤੱਥਾਂ ਨਾਲ ਨਹੀਂ ਹੋਣਾ



ਜਤਿੰਦਰ ਪੰਨੂ

ਸਿਆਸਤ ਦੀਆਂ ਲੋੜਾਂ ਵਾਸਤੇ ਚੱਲਦੀ ਹੋਈ ਬਹਿਸ ਅਚਾਨਕ ਭਾਰਤ ਦੇਸ਼ ਦੇ ਨਾਂਅ ਤੇ ਇਸ ਨਾਂਅ ਦੇ ਮੁੱਢ ਤੱਕ ਵੀ ਜਾ ਪਹੁੰਚੀ ਹੈ। ਮੈਨੂੰ ਬੜੀ ਵਾਰੀ ਇਹ ਉਲਾਂਭਾ ਸੁਣਨ ਨੂੰ ਮਿਲਿਆ ਹੈ ਕਿ ਤੂੰ ਆਪਣੀਆਂ ਲਿਖਤਾਂ ਜਾਂ ਭਾਸ਼ਣਾਂ ਵਿੱਚ ਭਾਰਤ ਲਈ ਹਿੰਦੁਸਤਾਨ ਸ਼ਬਦ ਵਰਤ ਕੇ ਠੀਕ ਨਹੀਂ ਕਰਦਾ। ਮੈਂ ਫਿਰ ਵੀ ਬਦਲ ਨਹੀਂ ਸਕਿਆ। ਕਈ ਲੋਕਾਂ ਨੇ ਇਹ ਗੱਲ ਵੀ ਬਹੁਤ ਵਾਰੀ ਉਚੇਚ ਨਾਲ ਚੇਤੇ ਕਰਾਈ ਹੋਈ ਹੈ ਕਿ ਦੇਸ਼ ਦੇ ਸੰਵਿਧਾਨ ਵਿੱਚ ਇਸ ਦੇ ਸਿਰਫ ਦੋ ਨਾਂਅ ਭਾਰਤ ਤੇ ਇੰਡੀਆ ਹਨ, ਇਸ ਤੋਂ ਬਿਨਾਂ ਕੋਈ ਵੀ ਨਾਂਅ ਵਰਤਣਾ ਗਲਤ ਹੈ, ਪਰ ਮੈਂ ਉਨ੍ਹਾਂ ਦੀ ਦਲੀਲਨਾਲ ਸਹਿਮਤ ਨਹੀਂ ਹੋ ਸਕਿਆ ਅਤੇ ਅੱਜ ਵੀ ਹਿੰਦੁਸਤਾਨ ਸ਼ਬਦ ਵਰਤਦਾ ਪਿਆ ਹਾਂ। ਇਸ ਹਫਤੇ ਭਾਰਤ ਵਿੱਚ ਰਾਜ ਕਰਦੀ ਭਾਰਤੀ ਜਨਤਾ ਪਾਰਟੀ ਦੇ ਇੱਕ ਸਿੱਖ ਨੇਤਾ ਆਰ ਪੀ ਸਿੰਘ ਨੇ ਇਸ ਬਹਿਸ ਨੂੰ ਇਹ ਕਹਿ ਕੇ ਨਵਾਂ ਮੋੜ ਦੇ ਦਿੱਤਾ ਕਿ 'ਹਿੰਦੁਸਤਾਨ' ਸ਼ਬਦ ਇਸ ਦੇਸ਼ ਲਈ ਸਭ ਤੋਂ ਪਹਿਲਾਂ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਵਰਤਿਆ ਸੀ ਅਤੇ ਇਸ ਲਈ ਇਸ ਨਾਂਅ ਦੇ ਨਾਲ ਸਿੱਖ ਭਾਈਚਾਰੇ ਨੂੰ ਕੋਈ ਵਿਰੋਧ ਨਹੀਂ ਹੋਣਾ ਚਾਹੀਦਾ। ਉਸ ਦੀ ਦਲੀਲ ਦੇ ਹੱਕ ਅਤੇ ਵਿਰੋਧ ਵਿੱਚ ਕਈ ਲੋਕ ਏਦਾਂ ਦੀ ਬਹਿਸ ਛੇੜ ਤੁਰੇ, ਜਿਹੜੀ ਭਾਰਤ ਦਾ ਨਾਂਅ ਕਾਨੂੰਨੀ ਤੌਰ ਉੱਤੇ 'ਹਿੰਦੁਸਤਾਨ' ਲਿਖ ਦੇਣ ਜਾਂ ਇਹ ਬਹਿਸ ਹਮੇਸ਼ਾ ਲਈ ਮੁਕਾਉਣ ਵਾਸਤੇ ਸਿਰਫ ਸੰਵਿਧਾਨ ਵਿੱਚ ਲਿਖੇ ਹੋਏ ਨਾਂਵਾਂ 'ਭਾਰਤ' ਜਾਂ 'ਇੰਡੀਆ' ਦੀ ਵਰਤੋਂ ਜ਼ਰੂਰੀ ਕਰਨ ਵਾਸਤੇ ਕੁਝ ਕਦਮ ਚੁੱਕਣ ਦੀ ਮੰਗ ਤੱਕ ਪਹੁੰਚੀ ਤੇ ਫਿਰ ਹਿੰਦੂ ਅਤੇ ਗੈਰ-ਹਿੰਦੂ ਵਾਲੇ ਪਾਸੇ ਮੁੜਨ ਲੱਗ ਪਈ ਹੈ। ਹਿੰਦੂ ਪੱਖ ਦੀ ਗੱਲ ਕਰਨ ਵਾਲੇ ਕਹੀ ਜਾਂਦੇ ਹਨ ਕਿ ਇਸ ਦੇਸ਼ ਵਿੱਚ ਹਿੰਦੂ ਬਹੁ-ਗਿਣਤੀ ਹੋਣ ਕਾਰਨ ਏਥੇ ਹਿੰਦੂ-ਰਾਸ਼ਟਰ ਵਾਲਾ ਕਾਨੂੰਨ ਵੀ ਬਣ ਜਾਵੇ ਤਾਂ ਹਰਜ ਨਹੀਂ ਹੋਣਾ ਚਾਹੀਦਾ ਅਤੇ ਦੂਸਰੇ ਧਰਮ, ਖਾਸ ਕਰ ਕੇ ਇਸਲਾਮ ਅਤੇ ਈਸਾਈ ਧਰਮ ਏਥੋਂ ਦੇ ਨਹੀਂ, ਬਾਹਰੋਂ ਆਏ ਹੋਣ ਕਾਰਨ ਉਨ੍ਹਾਂ ਨੂੰ 'ਆਪਣੀ ਹੈਸੀਅਤ' ਸਮਝ ਲੈਣੀ ਚਾਹੀਦੀ ਹੈ। ਕੁਝ ਮੁਸਲਮਾਨ ਤੇ ਈਸਾਈ ਪ੍ਰਚਾਰਕ ਵੀ ਅੱਜ ਦੀ ਵੱਡੀ ਸਿਆਸੀ ਧਿਰ ਨਾਲ ਜੁੜਨ ਕਾਰਨ ਇਹੋ ਰਾਗ ਗਾਈ ਜਾਂਦੇ ਹਨ।

ਅਸੀਂ ਇਸ ਸਾਰੇ ਕੁਝ ਨੂੰ ਬੇਲੋੜੀ ਬਹਿਸ ਵੀ ਮੰਨਦੇ ਹਾਂ ਅਤੇ ਇਸ ਦੇ ਓਹਲੇ ਇੱਕ ਖਾਸ ਕਿਸਮ ਦੀ ਰਾਜਨੀਤੀ ਵੀ ਸੁੰਘ ਸਕਦੇ ਹਾਂ। ਹਿੰਦੂ ਧਰਮ ਦੇ ਪੈਰੋਕਾਰ ਅੱਜ ਇਸ ਦੇਸ਼ ਵਿੱਚ ਬਾਕੀ ਧਰਮਾਂ ਵਾਲਿਆਂ ਤੋਂ ਵੱਧ ਹੀ ਨਹੀਂ, ਬਹੁਤ ਜ਼ਿਆਦਾ ਵੱਧ ਹਨ। ਬਾਕੀ ਸਾਰੇ ਧਰਮ ਮਸਾਂ ਪੰਜਵਾਂ ਹਿੱਸਾ ਬਣਦੇ ਹਨ ਅਤੇ ਇਕੱਲੇ ਹਿੰਦੂ ਅੱਸੀ ਫੀਸਦੀ ਦੇ ਕਰੀਬ ਹੋ ਜਾਂਦੇ ਹਨ, ਪਰ ਇਹ ਗੱਲ ਭੁਲਾ ਦਿੱਤੀ ਜਾਂਦੀ ਹੈ ਕਿ ਜਿਸ ਭਾਰਤ ਵਿੱਚ ਹਿੰਦੂਤੱਵ ਦੀ ਗੱਲ ਚੱਲਦੀ ਹੈ, ਸੰਵਿਧਾਨ ਵਿੱਚ ਉਸ ਦੇਸ਼ ਲਈ ਲਿਖੇ ਦੋਵੇਂ ਨਾਂਅ ਕਿਸੇ ਵਿਸ਼ੇਸ਼ ਧਰਮ ਦੇ ਪ੍ਰਤੀਕ ਨਹੀਂ। ਭਾਰਤ ਪੁਰ-ਾਤਨ ਸਮਿਆਂ ਤੋਂ ਕਈ ਵੱਖ-ਵੱਖ ਨਾਂਵਾਂ ਨਾਲ ਜਾਣਿਆ ਗਿਆਹੈ। ਸਾਡੀ ਸਮਝ ਮੁਤਾਬਕ ਚਾਣਕੀਆ ਦੇ 'ਅਰਥ ਸ਼ਾਸਤਰ' ਵਿੱਚ ਭਾਰਤ ਨੂੰ 'ਜੰਬੋ ਦੀਪ' ਕਿਹਾ ਗਿਆ ਸੀ, ਉਹ ਈਸਾ ਤੋਂ ਦੋ ਸਦੀਆਂ ਪਹਿਲਾਂ ਹੋਏ ਸਨ। ਮੈਗਸਥਨੀਜ਼ ਨੇ ਇਸ ਨੂੰ 'ਇੰਡੀਆ' ਲਿਖ ਦਿੱਤਾ ਅਤੇ ਇਹ ਕੰਮ ਉਸ ਨੇ ਈਸਾ ਤੋਂ ਤਿੰਨ ਸਦੀਆਂ ਪਹਿਲਾਂ ਕਰ ਦਿੱਤਾ ਸੀ। ਈਸਾ ਤੋਂ ਕਈ ਸਦੀਆਂ ਪਹਿਲਾਂ ਦਾ ਵਿਸ਼ਨੂੰ ਪੁਰਾਣ ਇਸ ਦੇਸ਼ ਦਾ ਨਾਂਅ 'ਭਾਰਤ' ਜਾਂ 'ਭਾਰਤਮ' ਲਿਖਦਾ ਹੈ। ਦਸਵੀਂ ਸਦੀ ਵਿੱਚ ਹੋਏ ਅਲ ਮਸੂਦੀ ਨੇ ਇਸ ਦੇਸ਼ ਦਾ ਨਾਂਅ 'ਅਲ ਹਿੰਦੀ' ਲਿਖ ਦਿੱਤਾ ਅਤੇ ਤੇਰ੍ਹਵੀ ਸਦੀ ਵਿੱਚ ਹਸਨ ਨਿਜ਼ਾਮੀ ਨੇ ਇਸ ਨੂੰ 'ਹਿੰਦ' ਲਿਖਿਆ ਸੀ। ਇਸ ਤੋਂ ਪਹਿਲਾਂ ਕਿਸੇ ਅਣਪਛਾਤੇ ਲੇਖਕ ਦੀ ਇੱਕ ਲਿਖਤ 'ਹੁਦੂਦ-ਅਲ-ਆਲਮ' ਵਿੱਚ ਇਸ ਨੂੰ 'ਹਿੰਦਿਸਤਾਨ' ਲਿਖਿਆ ਗਿਆ ਹੋਣ ਦੇ ਸਬੂਤ ਵੀ ਮਿਲਣਗੇ ਅਤੇ ਕਈ ਹੋਰ ਨਾਂਅ ਵੀ ਇਸੇ ਦੇਸ਼ ਨਾਲ ਜੁੜੇ ਮਿਲ ਜਾਣਗੇ। ਜ਼ੋਰੋਸਟਰੇਨੀਅਨਿਜ਼ਮ ਨਾਲ ਜੁੜੇ ਹੋਏ ਇੱਕ ਵਿਦਵਾਨ ਨੇ ਈਸਾ ਤੋਂ ਸੱਤ-ਅੱਠ ਸੌ ਸਾਲ ਪਹਿਲਾਂ ਇੱਕ ਸ਼ਬਦ 'ਹਾਪਤਾ ਹੇਂਦੂ' ਵਰਤਿਆ ਸੀ, ਜਿਸ ਬਾਰੇ ਕਿਹਾ ਜਾਂਦਾ ਹੈ ਕਿ ਇਹ ਵੀ ਭਾਰਤ ਜਾਂ ਪੰਜਾਬ ਅਤੇ ਕਾਬਲ ਤੱਕ ਦੇ ਵਸਨੀਕਾਂ ਲਈ ਵਰਤਿਆ ਗਿਆ ਸੀ।

ਭਾਜਪਾ ਆਗੂ ਆਰ ਪੀ ਸਿੰਘ ਨੇ ਜਿਹੜੀ ਗੱਲ ਸ੍ਰੀ ਗੁਰੂ ਨਾਨਕ ਦੇਵ ਜੀ ਬਾਰੇ ਕਹੀ ਹੈ, ਇਹ ਸਿਰਫ ਇਸ ਹੱਦ ਤੱਕ ਠੀਕ ਹੈ ਕਿ ਗੁਰੂ ਸਾਹਿਬ ਨੇ ਸਚਮੁੱਚ ਗੁਰਬਾਣੀ ਵਿੱਚ ਦੋ ਥਾਂਵਾਂ ਉੱਤੇ 'ਹਿੰਦੁਸਤਾਨ' ਸ਼ਬਦ ਵਰਤਿਆ ਹੈ। ਪਹਿਲੀ ਥਾਂ ਉਨ੍ਹਾਂ ਨੇ 'ਖੁਰਾਸਾਨ ਖਸਮਾਨਾ ਕੀਆ, ਹਿੰਦੁਸਤਾਨੁ ਡਰਾਇਆ' ਅਤੇ ਦੂਸਰੀ ਥਾਂ 'ਕਾਇਆ ਕਪੜੁ ਟੁਕੁ ਟੁਕੁ ਹੋਸੀ ਹਿੰਦੁਸਤਾਨ ਸਮਾਲਸੀ ਬੋਲਾ' ਵਜੋਂ ਇਸ ਦਾ ਜ਼ਿਕਰ ਕੀਤਾ ਹੈ। ਇਸ ਪੱਖੋਂ ਹਰ ਸਿੱਖ ਅਤੇ ਹਰ ਪੰਜਾਬੀ ਵੀ ਇਸ ਸ਼ਬਦ ਨੂੰ ਇੱਕ ਖਾਸ ਥਾਂ ਦੇ ਸਕਦਾ ਹੈ ਅਤੇ ਦੇਂਦਾ ਵੀ ਹੈ, ਪਰ ਜਿਵੇਂ ਅਸੀਂ ਇਸ ਬਾਰੇ ਉੱਪਰ ਲਿਖਿਆ ਹੈ, ਇਹ ਸ਼ਬਦ ਗੁਰੂ ਸਾਹਿਬ ਤੋਂ ਚੋਖਾ ਪਹਿਲਾਂ ਪ੍ਰਚੱਲਤ ਹੋ ਚੁੱਕਾ ਹੋਣ ਦੇ ਕੁਝ ਪ੍ਰਮਾਣ ਵੀ ਮਿਲਦੇ ਹਨ। ਸਿਰਫ ਇਹੀ ਸਾਬਤ ਨਹੀਂ ਹੁੰਦਾ ਕਿ ਹਿੰਦੁਸਤਾਨ ਸ਼ਬਦ ਪਹਿਲਾਂ ਤੋਂ ਪ੍ਰਚੱਲਤ ਹੋ ਚੁੱਕਾ ਸੀ, ਸਗੋਂ ਇਸ ਤੋਂ ਹਿੰਦੂ ਸ਼ਬਦ ਦੀ ਉਤਪਤੀ ਦਾ ਪਤਾ ਵੀ ਲੱਗਦਾ ਹੈ ਕਿ ਇਹ ਸ਼ਬਦ ਭਾਰਤ ਨਾਂਅ ਨਾਲ ਚੱਲਦੇ ਆਏ ਇਸ ਦੇਸ਼ ਵਿੱਚ ਇਸ ਦੇ ਅੰਦਰੋਂ ਪੈਦਾ ਨਹੀਂ ਸੀ ਹੋਇਆ, ਜਿਨ੍ਹਾਂ ਲੋਕਾਂ ਬਾਰੇ ਕਿਹਾ ਜਾਂਦਾ ਹੈ ਕਿ ਬਾਹਰੋਂ ਆਏ ਸਨ, ਸ਼ਬਦ ਹਿੰਦੂ ਸਭ ਤੋਂ ਪਹਿਲਾਂ ਉਨ੍ਹਾਂ ਨੇ ਵਰਤਿਆ ਸੀ। ਜਦੋਂ ਇਹ ਸ਼ਬਦ ਪ੍ਰਚੱਲਤ ਹੋ ਗਿਆ ਤਾਂ ਸਾਡੇ ਆਜ਼ਾਦੀ ਲਹਿਰ ਦੇ ਮਹਾਨ ਗ਼ਦਰੀ ਬਾਬਿਆਂ ਨੇ ਵੀ ਵਰਤਿਆ ਸੀ ਅਤੇ ਉਨ੍ਹਾਂ ਦੇ ਅਖਬਾਰ 'ਗ਼ਦਰ' ਵਿੱਚ ਵੀ ਇਹੋ ਚੱਲਦਾ ਸੀ ਅਤੇ 'ਹਿੰਦੀ' ਜਾਂ 'ਹਿੰਦੀਉ' ਸ਼ਬਦ ਸਿਰਫ ਹਿੰਦੂ ਧਰਮ ਵਾਲਿਆਂ ਲਈ ਵਰਤਣ ਦੀ ਥਾਂ ਸਾਰੇ ਹਿੰਦੁਸਤਾਨੀ ਜਾਂ ਭਾਰਤੀ ਲੋਕਾਂ ਲਈ ਵਰਤਿਆ ਜਾਂਦਾ ਸੀ। ਅਲਾਮਾ ਇਕਬਾਲ ਜਦੋਂ ਆਜ਼ਾਦੀ ਲਹਿਰ ਦੀ ਮੁੱਖ ਧਾਰਾ ਵਿੱਚ ਹੁੰਦਾ ਸੀ, ਉਸ ਨੇ ਵੀ ਇਸੇ ਤਰ੍ਹਾਂ 'ਤਰਾਨਾ-ਇ-ਹਿੰਦੀ' ਲਿਖਿਆ ਅਤੇ ਕਿਹਾ ਸੀ ਕਿ 'ਸਾਰੇ ਜਹਾਂ ਸੇ ਅੱਛਾ, ਹਿੰਦੁਸਤਾਂ ਹਮਾਰਾ', ਪਿੱਛੋਂਜਦੋਂ ਉਹ ਮੁੱਖ ਧਾਰਾ ਤੋਂ ਟੁੱਟ ਗਿਆ ਤਾਂ ਉਸ ਨੇ 'ਤਰਾਨਾ-ਇ-ਮਿਲੀ' ਵਿੱਚ 'ਮੁਸਲਿਮ ਹੈਂ ਹਮ ਵਤਨ ਹੈ, ਸਾਰਾ ਜਹਾਂ ਹਮਾਰਾ' ਲਿਖ ਦਿੱਤਾ ਸੀ। ਜਿੱਦਾਂ ਇਕਬਾਲ ਪੁਰਾਣੇ 'ਹਿੰਦੀ' ਸ਼ਬਦ ਨੂੰ ਛੱਡ ਕੇ ਇੱਕ ਵਿਸ਼ੇਸ਼ ਧਰਮ ਨਾਲ ਜਾ ਜੁੜਿਆ ਸੀ, ਫੈਜ਼ ਅਹਿਮਦ ਫੈਜ਼ ਵਰਗੇ ਹੋਰ ਸ਼ਾਇਰਾਂ ਨੇ ਏਦਾਂ ਨਹੀਂ ਸੀ ਕੀਤਾ।

ਦੂਸਰਾ ਪੱਖ ਇਹ ਹੈ ਕਿ ਜਿਵੇਂ ਇਕਬਾਲ ਸਾਂਝੇ ਸ਼ਬਦ 'ਹਿੰਦੀ' ਅਤੇ 'ਹਿੰਦੁਸਤਾਂ' ਦੀ ਥਾਂ ਇੱਕ ਧਿਰ ਵੱਲੋਂ ਬੋਲ ਕੇ ਖੁਸ਼ ਹੋ ਗਿਆ ਹੋਵੇਗਾ, ਉਸੇ ਤਰ੍ਹਾਂ ਅੱਜ ਕੁਝ ਲੋਕ 'ਹਿੰਦੀ' ਅਤੇ 'ਹਿੰਦੁਸਤਾਨ' ਨੂੰ ਹਿੰਦੂ ਧਰਮ ਜਾਂ ਭਾਈਚਾਰੇ ਨਾਲ ਜੋੜਨ ਦਾ ਕੰਮ ਕਰਦੇ ਹਨ। ਇਕਬਾਲ ਵੀ ਠੀਕ ਨਹੀਂ ਸੀ ਤੇ ਇਹ ਵੀ ਠੀਕ ਨਹੀਂ ਕਰਦੇ। ਇਤਿਹਾਸ ਵਿੱਚ ਕਈ ਨਾਂਵਾਂ ਨਾਲ ਜਾਣਿਆ ਜਾਂਦਾ ਰਿਹਾ ਭਾਰਤ ਅੱਜ ਦੇ 'ਹਿੰਦੂ' ਜਾਂ 'ਹਿੰਦੂਤੱਵ' ਵਾਲੇ ਅਰਥਾਂ ਵਾਲਾ ਨਹੀਂ ਸੀ। ਅੱਜ ਦੇ ਸੰਵਿਧਾਨ ਵਿੱਚ ਇਸ ਦਾ ਨਾਂਅ 'ਇੰਡੀਆ, ਆਲਸੋ ਨੋਨ ਐਜ਼ ਭਾਰਤ' ਲਿਖਿਆ ਹੈ, ਪਰ ਇਸ ਦਾ ਇਹ ਅਰਥ ਨਹੀਂ ਕਿ ਇਸ ਤੋਂ ਇਲਾਵਾ ਲੋਕ-ਧਾਰਾ ਵਿੱਚ ਬੀਤੇ ਸਮੇਂ ਵਿੱਚ ਚੱਲਦੇ ਰਹੇ ਜਾਂ ਅੱਜ ਵੀ ਚੱਲਦੇ ਬਾਕੀ ਨਾਂਅ ਗਲਤ ਸਨ, ਸਗੋਂ ਭਾਰਤ ਦੀ ਰਿਵਾਇਤ ਦੀ ਖਾਸੀਅਤ ਹੈ ਕਿ ਉਹ ਨਾਂਅ ਅਜੇ ਤੱਕ ਲੋਕ-ਧਾਰਾ ਸੰਭਾਲ ਕੇ ਚੱਲ ਰਹੀ ਹੈ। ਜਿੰਨੇ ਕੁ ਨਾਂਵਾਂ ਦਾ ਜ਼ਿਕਰ ਅਸੀਂ ਉੱਪਰ ਕੀਤਾ ਹੈ, ਉਨ੍ਹਾਂ ਤੋਂ ਬਿਨਾਂ ਵੀ ਕਈ ਨਾਂਅ ਇਸ ਲਈ ਵਰਤੇ ਗਏ ਹਨ।ਪੁਰਾਣੇ ਸਮੇਂ ਵਿੱਚ ਬੁੱਧ ਧਰਮ ਦੇ ਪੈਰੋਕਾਰ ਆਪਣੀ ਤਿੱਬਤੀ ਬੋਲੀ ਮੁਤਾਬਕ ਇਸ 'ਗਯਾਗਰ' ਜਾਂ 'ਫਾਗਿਯੂਲ' ਵੀ ਕਹਿੰਦੇ ਰਹੇ ਹਨ। ਜਿਸ ਤਰ੍ਹਾਂ ਯੂਰਪ ਤੋਂ ਆਇਆਂ ਨੇ ਇਸ ਦਾ ਨਾਂਅ 'ਇੰਡੀਆ' ਰੱਖ ਲਿਆ ਸੀ, ਜਾਪਾਨ ਜਾਂ ਚੀਨ ਦੇ ਲੋਕ ਇਸ ਨੂੰ ਆਪਣੀ ਬੋਲੀ ਮੁਤਾਬਕ 'ਤਿਆਂਗਜੂ' ਕਹਿੰਦੇ ਰਹੇ ਸਨ। ਭਾਰਤ ਵਿੱਚ ਉਨ੍ਹਾਂ ਦੇ ਪੈਰ ਪੱਕੇ ਨਹੀਂ ਸੀ ਲੱਗ ਸਕੇ ਤੇ ਇਹ ਨਾਂਅ ਪ੍ਰਚੱਲਤ ਨਹੀਂ ਸਨ ਹੋ ਸਕੇ, ਪਰ ਅਰਬ ਦੇਸ਼ਾਂ ਤੋਂ ਆਇਆਂ ਦਾ ਰੱਖਿਆ 'ਹਿੰਦੁਸਤਾਨ' ਪੱਕਾ ਹੋ ਗਿਆ ਤੇ ਫਿਰ ਲੰਮਾ ਸਮਾਂ ਰਾਜ ਕਰ ਚੁੱਕੇ ਬ੍ਰਿਟੇਨ ਵਾਲਿਆਂ ਦੀ ਵਿਰਾਸਤ ਸਾਂਭਣ ਵਾਲਿਆਂ ਨੇ ਇਸ ਵਿੱਚ 'ਇੰਡੀਆ' ਵੀ ਸ਼ਾਮਲ ਕਰ ਲਿਆ। ਅਜੋਕੇ ਭਾਰਤ ਵਿੱਚ 'ਇੰਡੀਆ' ਸ਼ਬਦ ਦਾ ਕੋਈ ਖਾਸ ਵਿਰੋਧ ਹੁੰਦਾ ਨਹੀਂ ਦਿੱਸਦਾ, 'ਹਿੰਦੁਸਤਾਨ' ਦਾ ਇਸ ਲਈ ਹੁੰਦਾ ਪਿਆ ਹੈ ਕਿ ਇੱਕ ਖਾਸ ਰਾਜਸੀ ਧਿਰ ਇਸ ਨੂੰ ਦੇਸ਼ ਦੀ ਬਹੁ-ਗਿਣਤੀ ਉੱਤੇ ਆਧਾਰਤ ਆਪਣੀ ਰਾਜਨੀਤੀ ਤੇ ਆਪਣੇ ਧਾਰਮਿਕ ਵਿਸ਼ਵਾਸਾਂ ਦੇ ਹੱਕ ਤੱਕ ਸੀਮਤ ਕਰਨ ਲੱਗ ਪਈ ਹੈ। ਹਰ ਗੱਲ ਦਾ ਪ੍ਰਤੀਕਰਮ (ਐਕਸ਼ਨ ਦਾ ਰਿਐਕਸ਼ਨ) ਹੋਣ ਬਾਰੇ ਸਭ ਲੋਕ ਜਾਣਦੇ ਹਨ, ਇੱਕ ਖਾਸ ਧਿਰ ਵੱਲੋਂ ਉਭਾਰੀ ਜਾਂਦੀ ਸੋਚ ਕਾਰਨ ਦੂਸਰੀਆਂ ਧਿਰਾਂ ਵੀ ਸ਼ਬਦ 'ਹਿੰਦੁਸਤਾਨ' ਦੇ ਨਾਲ ਕੌੜ ਮਨਾਉਣ ਲੱਗਦੀਆਂ ਹਨ, ਪਰ ਇਤਿਹਾਸ ਨੇ ਇਤਿਹਾਸ ਹੀ ਰਹਿਣਾ ਹੈ, ਚਾਰ ਸ਼ਹਿਰਾਂ ਦੇ ਨਾਂਅ ਬਦਲਣ ਨਾਲ ਦੇਸ਼ ਜਾਂ ਦੁਨੀਆ ਦੇ ਸਦੀਆਂ ਦੇ ਇਤਿਹਾਸ ਵਿੱਚ ਦਰਜ ਹੋ ਚੁੱਕੇ ਤੱਥ ਨਾ ਬਦਲ ਸਕਦੇ ਹਨ, ਨਾ ਬਦਲ ਹੀ ਸਕਣੇ ਹਨ।

# ਨਿਊਕਮਰਜ਼ ਦੀਆਂ ਬੈਂਕਿੰਗ ਸਬੰਧੀ ਲੋੜਾਂ ਪੂਰੀਆਂ ਕਰਨ ਵਿੱਚ ਮੱਦਦ ਵਾਸਤੇ ਹਰਦਮ ਤਿਆਰ ਹੈ ਟੀਡੀ ਬੈਂਕ




ਹਰ ਸਾਲ ਸੈਂਕੜੇ ਲੋਕ ਕੈਨੇਡਾ ਮੂਵ ਹੁੰਦੇ ਹਨ। ਕੈਨੇਡਾ ਦੇ ਅਰਥਚਾਰੇ ਵਿੱਚ ਨਿਊਕਮਰਜ਼ ਬਹੁਤ ਹੀ ਵੱਡਮੁੱਲਾ ਯੋਗਦਾਨ ਪਾਉਂਦੇ ਹਨ। ਕੈਨੇਡਾ ਦੀ ਆਬਾਦੀ ਦੇ ਵਿਕਾਸ ਵਿੱਚ 80 ਫੀ ਸਦੀ ਦੇ ਨੇੜੇ ਤੇੜੇ ਅਤੇ ਲੇਬਰ ਫੋਰਸ ਵਿੱਚ 100 ਫੀ ਸਦੀ ਦੇ ਨੇੜੇ ਤੇੜੇ ਯੋਗਦਾਨ ਇਨ੍ਹਾਂ ਦਾ ਹੀ ਹੁੰਦਾ ਹੈ।

ਪਰ ਨਵੇਂ ਦੇਸ਼ ਵਿੱਚ ਆ ਕੇ ਵੱਸਣ ਨਾਲ ਆਪਣੀ ਕਿਸਮ ਦੀਆਂ ਚੁਣੌਤੀਆਂ ਵੀ ਜੁੜੀਆਂ ਹੁੰਦੀਆਂ ਹਨ। ਫੌਰੀ ਲੋੜਾਂ ਤੋਂ ਇਲਾਵਾ ਹਾਊਸਿੰਗ ਤੇ ਰੋਜ਼ਗਾਰ ਹਾਸਲ ਕਰਨ ਦੇ ਨਾਲ ਨਾਲ ਕੈਨੇਡੀਅਨ ਕਿਸ ਤਰ੍ਹਾਂ ਰਹਿੰਦੇ ਤੇ ਕੰਮ ਕਰਦੇ ਹਨ ਤੇ ਵਿੱਤੀ ਸਿਸਟਮ ਕਿਵੇਂ ਆਪਰੇਟ ਕਰਦਾ ਹੈ ਇਸ ਬਾਰੇ ਸਿੱਖਣਾ ਵੀ ਇਨ੍ਹਾਂ ਨਿਊਕਮਰਜ਼ ਦੀ ਮੁੱਖ ਤਰਜੀਹ ਹੁੰਦਾ ਹੈ।

ਬੈਂਕ ਖਾਤਾ ਖੁੱਲ੍ਹਵਾਉਣ ਤੋਂ ਲੈ ਕੇ ਚੰਗਾ ਕੈਨੇਡੀਅਨ ਕ੍ਰੈਡਿਟ ਸਕੋਰ ਤਿਆਰ ਕਰਨ, ਸਮੇਂ ਦੇ ਨਾਲ ਨਾਲ ਆਪਣੇ ਪੈਸੇ ਨੂੰ ਵਧਾਉਣ ਦੇ ਨਵੇਂ ਮੌਕੇ ਤਲਾਸ਼ਣ ਦੇ ਨਾਲ ਨਾਲ ਕੈਨੇਡਾ ਵਿੱਚ ਬੈਂਕਿੰਗ ਦੀਆਂ ਬਾਰੀਕੀਆਂ ਸਿੱਖਣਾ ਵੀ ਅਹਿਮ ਕੰਮ ਹੈ। ਨਵੇਂ ਕੈਨੇਡੀਅਨਜ਼ ਨੂੰ ਅਕਸਰ ਵਿੱਤੀ ਮਾਮਲਿਆਂ ਵਿੱਚ ਵੱਖ ਵੱਖ ਸਰੋਤਾਂ ਤੋਂ ਕਈ ਤਰ੍ਹਾਂ ਦੀ ਜਾਣਕਾਰੀ ਮਿਲਦੀ ਰਹਿੰਦੀ ਹੈ ਜਿਸ ਕਾਰਨ ਉਹ ਅਕਸਰ ਭੰਬਲਭੂਸੇ ਵਿੱਚ ਫਸ ਜਾਂਦੇ ਹਨ।

## ਟੀਡੀ ਤੇ ਕੈਨੇਡਾਵੀਜ਼ਾ ਸਟਰੈਟੇਜਿਕ ਸਬੰਧ

ਕਈਆਂ ਵਿੱਚੋਂ ਇਸ ਇੱਕ ਮੁੱਦੇ ਕਰਕੇ ਹੀ ਟੀਡੀ ਨੇ ਕਈ ਸਾਲਾਂ ਤੋਂ ਭਰੋਸੇਯੋਗ ਕੈਨੇਡੀਅਨ ਇਮੀਗ੍ਰੇਸ਼ਨ ਇਨਫਰਮੇਸ਼ਨ ਵੈੱਬਸਾਈਟ-ਕੈਨੇਡਾਵੀਜ਼ਾ ਨਾਲ ਰਲ ਕੇ ਕੰਮ ਕਰਨਾ ਸ਼ੁਰੂ ਕੀਤਾ। 2•4 ਮਿਲੀਅਨ ਮੰਥਲੀ ਯੂਜ਼ਰਜ਼ ਤੇ 895,000 ਫੋਰਮ ਮੈਂਬਰਾਂ ਦੇ ਨਾਲ ਨਾਲ ਇਸ ਦੀ ਭਾਈਵਾਲ ਨਿਊਜ਼ ਸਾਈਟ ਸੀਆਈਸੀ ਨਿਊਜ਼ ਸਦਕਾ ਕੈਨੇਡਾ ਵੀਜ਼ਾ ਦੁਨੀਆ ਦੀ ਸੱਭ ਤੋਂ ਵੱਡੀ ਕੈਨੇਡੀਅਨ ਇਮੀਗ੍ਰੇਸ਼ਨ ਫਰਮ ਹੋਣ ਦਾ ਦਮ ਭਰਦੀ ਹੈ।

ਟੀਡੀ ਤੇ ਕੈਨੇਡਾਵੀਜ਼ਾ ਸਟਰੈਟੇਜਿਕ ਸਬੰਧਾਂ ਨਾਲ ਨਿਊਕਮਰਜ਼ ਨੂੰ ਅਹਿਮ ਵਿੱਤੀ ਮੁੱਦਿਆਂ ਉੱਤੇ ਲਗਾਤਾਰ ਭਰੋਸੇਯੋਗ ਜਾਣਕਾਰੀ ਮਿਲਦੀ ਰਹਿੰਦੀ ਹੈ ਜਿਵੇਂ ਕਿ ਕੈਨੇਡੀਅਨ ਬੈਂਕ ਐਕਾਊਂਟ ਨੂੰ ਸਮਝਣਾ, ਚੰਗਾ ਕ੍ਰੈਡਿਟ ਸਕੋਰ ਤਿਆਰ ਕਰਨਾ, ਘਰ ਖਰੀਦਣਾ ਤੇ ਭਵਿੱਖ ਵਿੱਚ ਨਿਵੇਸ ਦੇ ਬਦਲ ਤੈਅ ਕਰਨਾ ਆਦਿ। ਤੁਸੀਂ www.cicnews.com/td. `ਤੇ ਜਾ ਕੇ ਇਨ੍ਹਾਂ ਸਰੋਤਾਂ ਤੱਕ ਪਹੁੰਚ ਕਰ ਸਕਦੇ ਹੋਂ।

## ਅਸੀਮਤ ਵਿੱਤੀ ਲੈਣ-ਦੇਣ ਨੂੰ ਯਕੀਨੀ ਬਣਾਉਣਾ

ਰੋਜ਼ਾਨਾ ਬੈਂਕਿੰਗ ਲਈ, ਟੀਡੀ ਨਿਊਕਮਰਜ਼ ਦੀਆਂ ਲੋੜਾਂ ਦੇ ਹਿਸਾਬ ਨਾਲ ਨਿਜੀ ਸਲਾਹ ਤੇ ਵਿਅਕਤੀਵਿਸ਼ੇਸ਼ ਲਈ ਤਿਆਰ ਪ੍ਰੋਡਕਟ ਦੀ ਪੇਸ਼ਕਸ਼ ਕਰਦਾ ਹੈ। ਜਦੋਂ ਕਿਸੇ ਨਿਊਕਮਰ ਦੀ ਜਰਨੀ ਦਾ ਸਵਾਲ ਹੁੰਦਾ ਹੈ ਤਾਂ ਟੀਡੀ ਇਹ ਸਮਝਦਾ ਹੈ ਕਿ ਇੱਕੋ ਨੁਸਖ਼ਾ ਹਰ ਕਿਸੇ ਲਈ ਕਾਰਗਰ ਨਹੀਂ ਹੋ ਸਕਦਾ। ਕਸਟਮਰ ਦੀ ਜ਼ਿੰਦਗੀ ਦੇ ਪੜਾਅ, ਪਰਮਿਟ ਟਾਈਪ, ਜਾਂ ਇਮੀਗ੍ਰੇਸ਼ਨ ਸਟੇਟਸ ਆਦਿ ਅਜਿਹੇ ਕਾਰਕ ਹਨ ਜਿਹੜੇ ਨਿਊਕਮਰਜ਼ ਦੇ ਕੈਨੇਡਾ ਵਿੱਚ ਆਰਾਮ ਨਾਲ ਸੈਟਲ ਕਰਨ ਨੂੰ ਪ੍ਰਭਾਵਿਤ ਕਰ ਸਕਦੇ ਹਨ।

ਟੀਡੀ ਵੱਲੋਂ ਇੱਕ ਨਵੀਂ ਪ੍ਰੋਡਕਟ ਦੀ ਪੇਸ਼ਕਸ਼ ਵੀ ਕੀਤੀ ਜਾ ਰਹੀ ਹੈ ਜਿਸ ਨਾਲ ਨਿਊਕਮਰਜ਼ ਲਈ ਕੈਨੇਡਾ ਵਿੱਚ ਸੈਟਲ ਹੋਣ ਵਾਸਤੇ ਵਿੱਤੀ ਲੈਣ-ਦੇਣ ਵੱਡੀ ਸਿਰਦਰਦੀ ਨਾ ਰਹੇ ਇਹ ਯਕੀਨੀ ਬਣਾਇਆ ਜਾਂਦਾ ਹੈ। ਇਸ ਵਿੱਚ ਹੇਠ ਲਿਖੇ ਨੁਕਤੇ ਸ਼ਾਮਲ ਹਨ :

- ਟੀਡੀ ਨਿਊ ਟੂ ਕੈਨੇਡਾ ਬੈਂਕਿੰਗ ਪੈਕੇਜ : 1,575 ਕੈਨੇਡੀਅਨ ਡਾਲਰ ਵਾਲੇ ਇਸ ਬਿਨਾਂ ਫੀਸ ਦੇ ਵਿਲੱਖਣ ਪੈਕੇਜ ਰਾਹੀਂ (ਪੰਜ ਸਾਲ ਜਾਂ ਇਸ ਤੋਂ ਘੱਟ) ਲਈ ਨਿਊਕਮਰਜ਼ ਦੀਆਂ ਰੋਜ਼ਾਨਾਂ ਬੈਂਕਿੰਗ ਸਬੰਧੀ ਲੋੜਾਂ ਨੂੰ ਪੂਰਾ ਕੀਤਾ ਜਾਂਦਾ ਹੈ, ਇਸ ਵਿੱਚ ਉਨ੍ਹਾਂ ਦੇ ਸਥਾਪਿਤ ਹੋਣ ਸਮੇਂ ਉਨ੍ਹਾਂ ਦੇ ਬੈਂਕ ਖਾਤੇ ਉੱਤੇ ਪੂਰੇ ਸਾਲ ਵਾਸਤੇ ਫੀਸ ਮੁਆਫੀ ਸ਼ਾਮਲ ਹੈ, ਪੈਸੇ ਦਾ ਅਣਮਿਥਿਆ ਲੈਣ-ਦੇਣ, ਕ੍ਰੈਡਿਟ ਤੱਕ ਪਹੁੰਚ, ਤੇ ਹੋਰ ਵਾਧੂ ਲਾਈਫਸਟਾਈਲ ਬੈਨੇਫਿਟ ਸ਼ਾਮਲ ਹਨ।
- ਟੀਡੀ ਇੰਟਰਨੈਸ਼ਨਲ ਸਟੂਡੈਂਟ ਬੈਂਕਿੰਗ ਪੈਕੇਜ : 550 ਡਾਲਰ ਤੋਂ ਵੱਧ ਦੀ ਕੀਮਤ ਦੇ ਇਸ ਪੈਕੇਜ ਵਿੱਚ ਇੰਟਰਨੈਸ਼ਨਲ ਵਿਦਿਆਰਥੀਆਂ ਲਈ ਵਿਲੱਖਣ ਵਿੱਤੀ ਸੌਲਿਊਸ਼ਨਜ਼ ਮੁਹੱਈਆ ਕਰਵਾਏ ਜਾਂਦੇ ਹਨ ਜਿਵੇਂ ਕਿ ਅਸੀਮਤ ਸਟੂਡੈਂਟ ਚੈਕਿੰਗ ਐਕਾਊਂਟ ਲਈ ਕੋਈ ਫੀਸ ਨਹੀਂ ਲਈ ਜਾਂਦੀ, ਅਣਸਕਿਊਰਡ ਕ੍ਰੈਡਿਟ ਕਾਰਡ, ਸੇਵਿੰਗ ਐਕਾਊਂਟ ਤੇ 12 ਮਹੀਨਿਆਂ ਲਈ ਮੁਫਤ ਟੀਡੀ ਗਲੋਬਲ ਟਰਾਂਸਫਰ ਆਦਿ। ਇਸ ਦੇ ਨਾਲ ਹੀ ਇੱਕ ਸਾਲ ਵਾਸਤੇ ਵਿਦਿਆਰਥੀ ਨੂੰ ਐਮੇਜ਼ੌਨ ਸਟੂਡੈਂਟ ਪ੍ਰਾਈਮ ਮੈਂਬਰਸ਼ਿਪ ਵੀ ਮੁਹੱਈਆ ਕਰਵਾਈ ਜਾਂਦੀ ਹੈ।
- ਟੀਡੀ ਇੰਟਰਨੈਸ਼ਨਲ ਸਟੂਡੈਂਟ ਜੀਆਈਸੀ ਪ੍ਰੋਗਰਾਮ : ਟੀਡੀ ਪੂਰੀ ਤਰ੍ਹਾਂ ਡਿਜੀਟਲ, ਬਿਨਾਂ ਫੀਸ ਦੇ ਟੀਡੀ ਇੰਟਰਨੈਸ਼ਨਲ ਸਟੂਡੈਂਟ ਜੀਆਈਸੀ ਪ੍ਰੋਗਰਾਮ ਦੀ ਪੇਸ਼ਕਸ਼ ਕਰਦਾ ਹੈ, ਜਿਸ ਨਾਲ ਸਬੰਧਤ ਵਿਦਿਆਰਥੀਆਂ ਨੂੰ ਜੀਆਈਸੀ (ਗਾਰੰਟੀਸ਼ੁਦਾ ਇਨਵੈਸਟਮੈਂਟ ਸਰਟੀਫਿਕੇਟ) ਪੂਰਾ ਕਰਨ ਵਿੱਚ ਮਦਦ ਮਿਲਦੀ ਹੈ। ਇਹ ਫੈਡਰਲ ਸਰਕਾਰ ਦੇ ਸਟੱਡੀ ਪਰਮਿਟ ਪ੍ਰੋਸੈਸਿੰਗ ਪ੍ਰੋਗਰਾਮ ਦੀ ਵਿਸ਼ੇਸ਼ ਸ਼ਰਤ ਹੈ।

ਸਾਡੀ ਇੰਡਸਟਰੀ ਦੀਆਂ ਬਹੁ-ਭਾਸ਼ਾਵਾਂ ਸਬੰਧੀ ਸਮਰੱਥਾਵਾਂ ਉੱਤੇ ਸਾਨੂੰ ਮਾਣ ਹੈ ਟੀਡੀ ਵੱਲੋਂ ਕਈ ਭਾਸ਼ਾਵਾਂ ਵਿੱਚ ਆਪਣੀਆਂ ਸੇਵਾਵਾਂ ਦੇਣੀਆਂ ਸ਼ੁਰੂ ਕੀਤੀਆਂ ਗਈਆਂ ਹਨ। ਸਾਡੇ ਬ੍ਰਾਂਚ ਨੈੱਟਵਰਕ ਰਾਹੀਂ ਟੀਡੀ ਕੁਲੀਗਜ਼ 50 ਭਾਸ਼ਾਵਾਂ ਬੋਲਦੇ ਹਨ, ਇਸ ਤੋਂ ਇਲਾਵਾ ਫੋਨ ਉੱਤੇ 200 ਤੋਂ ਵੱਧ ਭਾਸ਼ਾਵਾਂ ਵਿੱਚ ਮਦਦ ਮੁਹੱਈਆ ਕਰਵਾਈ ਜਾਂਦੀ ਹੈ। ਇਸ ਤੋਂ ਇਲਾਵਾ ਟੀਡੀ ਏਟੀਐਮਜ਼ ਸੱਤ ਭਾਸ਼ਾਵਾਂ ਵਿੱਚ ਸੇਵਾਵਾਂ ਮੁਹੱਈਆ ਕਰਵਾਉਂਦੇ ਹਨ, ਟੀਡੀ ਹੀ ਅਜਿਹਾ ਕੈਨੇਡੀਅਨ ਬੈਂਕ ਹੈ ਜਿਹੜਾ ਏਟੀਐਮ ਸੇਵਾਵਾਂ ਪੰਜਾਬੀ, ਪੁਰਤਗੀਸ ਤੇ ਇਟੈਲੀਅਨ ਵਿੱਚ ਮੁਹੱਈਆ ਕਰਵਾਉਂਦਾ ਹੈ। ਨਿਊਕਮਰਜ਼ ਟੀਡੀ ਦੇ ਪ੍ਰੋਡਕਟਸ ਤੇ ਸੇਵਾਵਾਂ ਤੇ ਵਿੱਤੀ ਕੌਂਸੈਪਟਸ ਨੂੰ ਚੰਗੀ ਤਰ੍ਹਾਂ ਸਮਝਣ ਲਈ ਵੱਖ ਵੱਖ ਭਾਸ਼ਾਵਾਂ ਵਿੱਚ ਦਸਤਾਵੇਜ਼ਾਂ ਦੀ ਮੰਗ ਕਰ ਸਕਦੇ ਹਨ।

ਟੀਡੀ ਨਿਊ ਟੂ ਕੈਨੇਡਾ ਪੈਕੇਜ ਵਿੱਚੋਂ ਕਿਸੇ ਲਈ ਵੀ ਅਪਲਾਈ ਕਰਨ ਵਾਸਤੇ ਜਾਂ ਜੇ ਤੁਹਾਡੇ ਫਾਇਨਾਂਸ ਜਾਂ ਬੈਂਕਿੰਗ ਸਬੰਧੀ ਕੋਈ ਸਵਾਲ ਹਨ, ਉਨ੍ਹਾਂ ਦੇ ਜਵਾਬ ਹਾਸਲ ਕਰਨ ਲਈ ਤੁਸੀਂ ਟੀਡੀ ਪਰਸਨਲ ਬੈਂਕਰ ਨਾਲ ਅਪੁਆਇੰਟਮੈਂਟ ਵੀ ਬੁੱਕ ਕਰ ਸਕਦੇ ਹੋਂ।



# ਬਿਜਲੀ ਮੰਤਰੀ ਹਰਭਜਨ ਸਿੰਘ ਵੱਲੋਂ ਰਣਜੀਤ ਸਾਗਰ ਡੈਮ ਅਤੇ ਸ਼ਾਹਪੁਰਕੰਡੀ ਪ੍ਰੋਜੈਕਟ ਦਾ ਦੌਰਾ

## * ਸਬੰਧਤ ਅਧਿਕਾਰੀਆਂ ਨੂੰ ਪ੍ਰੋਜੈਕਟ ਨੂੰ ਨਿਰਧਾਰਤ ਸਮੇਂ 'ਚ ਪੂਰਾ ਕਰਨ ਦੇ ਦਿੱਤੇ ਆਦੇਸ਼



ਚੰਡੀਗੜ੍ਹ, 9 ਅਪ੍ਰੈਲ (ਪੋਸਟ ਬਿਊਰੋ): ਪੰਜਾਬ ਦੇ ਬਿਜਲੀ ਮੰਤਰੀ ਹਰਭਜਨ ਸਿੰਘ ਈ।ਟੀ।ਓ ਨੇ ਅੱਜ ਐਤਵਾਰ ਨੂੰ ਰਣਜੀਤ ਸਾਗਰ ਡੈਮ ਅਤੇ ਸ਼ਾਹਪੁਰਕੰਡੀ ਪ੍ਰੋਜੈਕਟ ਦਾ ਦੌਰਾ ਕੀਤਾ।

ਸ। ਹਰਭਜਨ ਸਿੰਘ ਈ।ਟੀ।ਓ। ਨੇ ਪਾਵਰ ਹਾਊਸ ਅਤੇ ਗਰਿਡ ਸਬ-ਸਟੇਸ਼ਨ ਦਾ ਬਾਰੀਕੀ ਨਾਲ ਦੌਰਾ ਕੀਤਾ ਅਤੇ ਭਰੋਸਾ ਦਿੱਤਾ ਕਿ ਆਉਣ ਵਾਲੇ ਪੈਡੀ ਸੀਜਨ ਦੌਰਾਨ ਰਣਜੀਤ ਸਾਗਰ ਡੈਮ ਬਿਜਲੀ ਪੂਰਤੀ ਲਈ ਆਪਣੀ ਪੂਰੀ ਸਮੱਰਥਾ ਨਾਲ ਕੰਮ ਕਰੇਗਾ।

ਬਿਜਲੀ ਮੰਤਰੀ ਨੇ ਸ਼ਾਹਪੁਰਕੰਡੀ ਪ੍ਰੋਜੈਕਟ ਦਾ ਦੌਰਾ ਕਰਨ ਸਮੇਂ ਪੀ।ਐਸ।ਪੀ।ਸੀ।ਐਲ ਅਤੇ ਜਲ ਸਰੋਤ ਵਿਭਾਗ ਦੇ ਅਧਿਕਾਰੀਆਂ ਨੂੰ ਮਿੱਥੇ ਸਮੇ ਵਿੱਚ ਸ਼ਾਹਪੁਰਕੰਡੀ ਪ੍ਰੋਜੈਕਟ ਨੂੰ ਪੂਰਾ ਕਰਨ ਦੇ ਆਦੇਸ਼ ਦਿੱਤੇ। ਬਿਜਲੀ ਮੰਤਰੀ ਨੇ ਰਣਜੀਤ ਸਾਗਰ ਡੈਮ ਅਤੇ ਸ਼ਾਹਪੁਰਕੰਡੀ ਵਿੱਚ ਚੱਲ ਰਹੇ ਕਾਰਜਾਂ ਤੇ ਸੰਤੁਸ਼ਟੀ ਜਾਹਿਰ ਕਰਦਿਆਂ ਕਿਹਾ ਕਿ ਇਹ ਪ੍ਰੋਜੈਕਟ ਮੁਕੰਮਲ ਹੋਣ ਮਗਰੋਂ ਬਿਜਲੀ ਉਤਪਾਦਨ ਦੇ ਖੇਤਰ 'ਚ ਅਹਿਮ ਰੋਲ ਅਦਾ ਕਰਨਗੇ।

ਇਸ ਮੌਕੇ ਬਿਜਲੀ ਮੰਤਰੀ ਨੇ ਰਣਜੀਤ ਸਾਗਰ ਡੈਮ ਦੇ ਸ਼ਹੀਦੀ ਸਮਾਰਕ 'ਤੇ ਜਾ ਕੇ ਇਸ ਡੈਮ ਦੀ ਉਸਾਰੀ ਸਮੇਂ ਸ਼ਹੀਦ ਹੋਏ ਕਰਮਚਾਰੀਆਂ ਨੂੰ ਸ਼ਰਧਾਂਜਲੀ ਵੀ ਭੇਂਟ ਕੀਤੀ।



ਇਸ ਮੌਕੇ ਪੀਐਸਪੀਸੀਐਲ ਦੇ ਮੁੱਖ ਇੰਜੀਨੀਅਰ ਹਾਈਡਲ ਪ੍ਰੋਜੈਕਟਸ ਇੰਦਰਪਾਲ ਸਿੰਘ, ਉਪ ਮੁੱਖ ਇੰਜੀਨੀਅਰ ਰਵਿੰਦਰ ਕੁਮਾਰ, ਜਲ ਸਰੋਤ ਵਿਭਾਗ ਦੇ ਇੰਜੀਨੀਅਰ ਜਸਵੀਰ ਪਾਲ ਅਤੇ ਕਾਰਜਕਾਰੀ ਇੰਜੀਨੀਅਰ ਲਖਵਿੰਦਰ ਸਿੰਘ ਹਾਜ਼ਰ ਸਨ।







## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।















## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com


ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.











## ਲੜਕੀ ਦੀ ਲੋੜ

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664


ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeep-kaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661



## ਲੜਕੇ ਦੀ ਲੋੜ

ਰਮਦਾਸੀਆ ਸਿੱਖ ਸੋਹਣੀ ਸੁਨੱਖੀ ਲੜਕੀ, ਕੱਦ 5 ਫੁੱਟ 7 ਇੰਚ, ਜਨਮ 1993, ਐਮ.ਟੈਕ, ਕੈਨੇਡਾ ਦੀ ਪੀ.ਆਰ., ਲਈ ਪ੍ਰੋਫੈਸ਼ਨਲੀ ਕੁਆਲੀਫਾਈਡ ਸਿੱਖ ਲੜਕੇ ਦੀ ਲੋੜ ਹੈ। ਲੜਕਾ ਪੀ.ਆਰ. ਹੋਣਾ ਚਾਹੀਦਾ ਹੈ ਅਤੇ ਕੈਨੇਡਾ ਵਿਚ ਕੰਮ ਕਰਦੇ ਲੜਕੇ ਨੂੰ ਪਹਿਲ ਦਿੱਤੀ ਜਾਵੇਗੀ। ਫੋਟੋ/ਬਾਇਓਡਾਟਾ sukhik0113@gmail.com ਉਤੇ ਭੇਜ ਸਕਦੇ ਹੋ। ਸੰਪਰਕ: +91 9868560322 ਜਾਂ 437 261 4061

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 35 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com






## ਲੜਕੇ ਦੀ ਲੋੜ

Saini Sikh family living in Ontario seeks suitable match for their beautiful daughter born in India and raised in Canada since 2005, 27-year-old, slim 5'3" tall has a bachelor degree and a good job. Boy should be Sikh, educated, living and working in Canada. Please contact on +1 (289) 707- 4366.

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7", ਭਾਰਤ ਤੋਂ M.Com ਅਤੇ ਕੈਨੇਡਾ ਤੋ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

# ਪੱਟੀ ਤੋਂ ਸ਼ਿਮਲਾ ਲਈ ਪਹਿਲੀ ਵਾਰ ਸ਼ੁਰੂ ਹੋਈ ਪੰਜਾਬ ਰੋਡਵੇਜ਼ ਦੀ ਬੱਸ ਸਰਵਿਸ

* ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਵਿਖਾਈ ਹਰੀ ਝੰਡੀ * 585 ਰੁਪਏ ਹੋਵੇਗਾ ਇੱਕ ਪਾਸੇ ਦਾ ਕਿਰਾਇਆ

ਚੰਡੀਗੜ੍ਹ, 9 ਅਪ੍ਰੈਲ (ਪੋਸਟ ਬਿਊਰੋ): ਪੰਜਾਬ ਦੇ ਟਰਾਂਸਪੋਰਟ ਮੰਤਰੀ ਸ। ਲਾਲਜੀਤ ਸਿੰਘ ਭੁੱਲਰ ਵੱਲੋਂ ਅੱਜ ਪੱਟੀ ਤੋਂ ਸ਼ਿਮਲਾ ਦਰਮਿਆਨ ਪੰਜਾਬ ਰੋਡਵੇਜ਼ ਦੀ ਬੱਸ ਸੇਵਾ ਦੀ ਸ਼ੁਰੂਆਤ ਕਰਨ ਦੇ ਨਾਲ ਹੀ ਇਹ ਪਹਿਲਾ ਮਾਅਰਕਾ ਬਣ ਗਿਆ ਹੈ ਜਦੋਂ ਪੱਟੀ ਤੋਂ ਸ਼ਿਮਲਾ ਲਈ ਪੰਜਾਬ ਰੋਡਵੇਜ਼ ਦੀ ਬੱਸ ਸਰਵਿਸ ਸ਼ੁਰੂ ਹੋਈ ਹੈ।






ਪੱਟੀ ਬੱਸ ਸਟੈਂਡ ਤੋਂ ਹਰੀ ਝੰਡੀ ਵਿਖਾਉਣ ਉਪਰੰਤ ਗੱਲਬਾਤ ਦੌਰਾਨ ਕੈਬਨਿਟ ਮੰਤਰੀ ਸ। ਲਾਲਜੀਤ ਸਿੰਘ ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਸ। ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵੱਲੋਂ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਤੋਂ ਹੋਰਨਾਂ ਸੂਬਿਆਂ ਵੱਲ ਬੱਸਾਂ ਚਲਾਈਆਂ ਜਾ ਰਹੀਆਂ ਹਨ।

ਉਨ੍ਹਾਂ ਦੱਸਿਆ ਕਿ ਪੰਜਾਬ ਰੋਡਵੇਜ਼/ਪਨਬੱਸ ਦੀ ਇਹ ਬੱਸ ਪੱਟੀ ਬੱਸ ਸਟੈਂਡ ਤੋਂ ਸਵੇਰੇ 10:20 ਵਜੇ ਚੱਲੇਗੀ ਅਤੇ ਵਾਇਆ ਅੰਮ੍ਰਿਤਸਰ, ਜਲੰਧਰ ਤੇ ਚੰਡੀਗੜ੍ਹ ਹੁੰਦਿਆਂ ਰਾਤ 10।30 ਵਜੇ ਸ਼ਿਮਲਾ ਪੁੱਜੇਗੀ। ਇਸੇ ਤਰ੍ਹਾਂ ਅਗਲੇ ਦਿਨ ਸਵੇਰੇ 7:10 ਵਜੇ ਸ਼ਿਮਲਾ ਤੋਂ ਚਲ ਕੇ ਉਸੇ ਰਸਤੇ ਵਾਪਸੀ ਕਰੇਗੀ ਅਤੇ ਸ਼ਾਮ ਕਰੀਬ 7:30 ਵਜੇ ਪੱਟੀ ਪਹੁੰਚੇਗੀ। ਬੱਸ ਦਾ ਇੱਕ ਪਾਸੇ ਦਾ ਕਿਰਾਇਆ 585 ਰੁਪਏ ਨਿਰਧਾਰਤ ਕੀਤਾ ਗਿਆ ਹੈ।

ਟਰਾਂਸਪੋਰਟ ਮੰਤਰੀ ਨੇ ਦੱਸਿਆ ਕਿ ਪੰਜਾਬ ਰੋਡਵੇਜ਼/ਪਨਬੱਸ ਨੇ ਲੰਘੇ ਵਿੱਤੀ ਵਰ੍ਹੇ ਦੌਰਾਨ ਆਮਦਨ ਵਿੱਚ ਰਿਕਾਰਡ ਵਾਧਾ ਦਰਜ ਕੀਤਾ ਹੈ। ਵਿੱਤੀ ਵਰ੍ਹੇ 2022-23 ਦੌਰਾਨ ਪੰਜਾਬ ਰੋਡਵੇਜ਼/ਪਨਬੱਸ ਨੂੰ 700।88 ਕਰੋੜ ਰੁਪਏ ਆਮਦਨ ਹੋਈ ਹੈ, ਜੋ ਵਿੱਤੀ ਵਰ੍ਹੇ 2021-22 ਦੌਰਾਨ 547।08 ਕਰੋੜ ਰੁਪਏ ਸੀ। ਉਨ੍ਹਾਂ ਦੱਸਿਆ ਕਿ 153।80 ਕਰੋੜ ਰੁਪਏ ਦਾ ਇਹ ਵਾਧਾ 28।11 ਫ਼ੀਸਦੀ ਬਣਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਰੋਡਵੇਜ਼/ਪਨਬੱਸ ਵਾਧੇ ਵਿੱਚ ਜਾ ਰਹੀ ਹੈ ਅਤੇ ਅਗਲੇ ਦਿਨਾਂ ਦੌਰਾਨ ਹੋਰਨਾਂ ਸ਼ਹਿਰਾਂ ਤੋਂ ਵੀ ਬੱਸਾਂ ਚਲਾਈਆਂ ਜਾਣਗੀਆਂ।

ਟਰਾਂਸਪੋਰਟ ਮੰਤਰੀ ਨੇ ਕਿਹਾ ਕਿ ਅਧਿਕਾਰੀਆਂ ਨੂੰ ਪਹਿਲਾਂ ਹੀ ਨਿਰਦੇਸ਼ ਦਿੱਤੇ ਗਏ ਹਨ ਕਿ ਉਹ ਲੋਕਾਂ ਦੀ ਮੰਗ ਅਨੁਸਾਰ ਜ਼ਰੂਰਤ ਵਾਲੀਆਂ ਥਾਵਾਂ ਤੋਂ ਬੱਸਾਂ ਚਲਾਉਣ ਨੂੰ ਤਰਜੀਹ ਦੇਣ ਤਾਂ ਜੋ ਲੋਕਾਂ ਨੂੰ ਸਸਤੀ ਅਤੇ ਕਿਫ਼ਾਇਤੀ ਬੱਸ ਸੇਵਾ ਮੁਹੱਈਆ ਕਰਵਾਈ ਜਾ ਸਕੇ।

ਕੈਬਨਿਟ ਮੰਤਰੀ ਸ। ਭੁੱਲਰ ਨੇ ਕਿਹਾ ਕਿ ਮੁੱਖ ਮੰਤਰੀ ਸ। ਭਗਵੰਤ ਸਿੰਘ ਮਾਨ ਦੀਆਂ ਪਾਰਦਰਸ਼ੀ ਨੀਤੀਆਂ ਸਦਕਾ ਟਰਾਂਸਪੋਰਟ ਵਿਭਾਗ ਤਰੱਕੀ ਦੀ ਰਾਹ 'ਤੇ ਹੈ ਅਤੇ ਇਸ ਰਫ਼ਤਾਰ ਨੂੰ ਹੋਰ ਤੇਜ਼ ਕਰਦਿਆਂ ਵਿਭਾਗ ਨੂੰ ਨਵੀਆਂ ਬੁਲੰਦੀਆਂ' ਤੇ ਪਹੁੰਚਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਮਾਨ ਸਰਕਾਰ ਨੇ ਪ੍ਰਾਈਵੇਟ ਬੱਸ ਮਾਫ਼ੀਆ ਦਾ ਲੱਕ ਤੋੜਦਿਆਂ ਪੰਜਾਬ ਤੋਂ ਦਿੱਲੀ ਦੇ ਕੌਮਾਂਤਰੀ ਹਵਾਈ ਅੱਡੇ ਤੱਕ ਤਿੰਨ ਗੁਣਾਂ ਘੱਟ ਕਿਰਾਏ 'ਤੇ ਬੱਸ ਸੇਵਾ ਸ਼ੁਰੂ ਕੀਤੀ ਹੈ ਅਤੇ ਹੁਣ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਕਰੀਬ 25 ਬੱਸਾਂ ਦਿੱਲੀ ਹਵਾਈ ਅੱਡੇ ਨੂੰ ਚਲਦੀਆਂ ਹਨ।

# ਨਾਗਾਲੈਂਡ ਵਿਚ ਲੱਗੀ ਭਿਆਨਕ ਅੱਗ, 900 ਲੋਕ ਹੋਏ ਬੇਘਰ, ਇਕ ਮੌਤ

ਦੀਮਾਪੁਰ, 9 ਅਪ੍ਰੈਲ (ਪੋਸਟ ਬਿਊਰੋ) : ਨਾਗਾਲੈਂਡ ਦੇ ਦੀਮਾਪੁਰ ਜ਼ਿਲ੍ਹੇ ਵਿਚ ਬਰਮਾ ਕੈਂਪ 'ਚ ਐਤਵਾਰ ਨੂੰ ਭਿਆਨਕ ਅੱਗ ਲੱਗ ਗਈ, ਜਿਸ 'ਚ ਇਕ ਔਰਤ ਦੀ ਮੌਤ ਹੋ ਗਈ ਅਤੇ ਕਰੀਬ 900 ਲੋਕ ਬੇਘਰ ਹੋ ਗਏ। ਇਕ ਅਧਿਕਾਰੀ ਨੇ ਇਹ ਜਾਣਕਾਰੀ ਦਿੰਦਿਆਂ ਦੱਸਿਆ ਕਿ ਅੱਗ ਦੁਪਹਿਰ ਕਰੀਬ 12 ਵਜੇ ਬਰਮਾ ਕੈਂਪ ਦੇ ਈਸਟ ਬਲਾਕ ਵਿੱਚ ਲੱਗੀ। ਉਨ੍ਹਾਂ ਦੱਸਿਆ ਕਿ 260 ਦੇ ਕਰੀਬ ਕੱਚੇ ਘਰ ਅੱਗ ਨਾਲ ਸੜ ਕੇ ਸੁਆਹ ਹੋ ਗਏ।



ਸਥਾਨਕ ਲੋਕਾਂ ਨੇ ਦੱਸਿਆ ਕਿ ਕੁਝ ਲੋਕ ਅਜੇ ਵੀ ਲਾਪਤਾ ਹਨ। ਅਧਿਕਾਰੀ ਨੇ ਦੱਸਿਆ ਕਿ ਅੱਗ 'ਤੇ ਕਾਬੂ ਪਾਉਣ ਲਈ ਕਈ ਫਾਇਰ ਇੰਜਣਾਂ ਨੂੰ ਕੰਮ 'ਤੇ ਲਗਾਇਆ ਗਿਆ, ਜਿਸ 'ਤੇ 3 ਘੰਟੇ ਬਾਅਦ ਕਾਬੂ ਪਾਇਆ ਗਿਆ। ਈਸਟ ਬਲਾਕ ਵਿੱਚ ਲੱਖਾਂ ਰੁਪਏ ਦੀ ਸੰਪਤੀ ਤਬਾਹ ਹੋਣ ਦੀ ਸੂਚਨਾ ਹੈ। 2011 ਵਿੱਚ ਵੀ ਇਸੇ ਇਲਾਕੇ 'ਚ ਅੱਗ ਲੱਗ ਗਈ ਸੀ, ਜਿਸ ਵਿੱਚ 3 ਲੋਕਾਂ ਦੀ ਮੌਤ ਹੋ ਗਈ ਸੀ।

ਅਧਿਕਾਰੀ ਨੇ ਦੱਸਿਆ ਕਿ ਅੱਗ ਵਿੱਚ ਇਕ ਬਜ਼ੁਰਗ ਔਰਤ ਦੀ ਮੌਤ ਹੋ ਗਈ ਤੇ ਕਈ ਹੋਰ ਜ਼ਖ਼ਮੀ ਹੋ ਗਏ। ਉਨ੍ਹਾਂ ਦੱਸਿਆ ਕਿ ਵੱਡੀ ਗਿਣਤੀ 'ਚ ਗੈਸ ਸਿਲੰਡਰ ਫਟਣ ਕਾਰਨ ਫਾਇਰ ਬ੍ਰਿਗੇਡ ਦੇ ਕਈ ਮੁਲਾਜ਼ਮ ਵੀ ਝੁਲਸ ਗਏ। ਉਨ੍ਹਾਂ ਦੱਸਿਆ ਕਿ ਅੱਗ ਲੱਗਣ ਕਾਰਨ ਤਕਰੀਬਨ 900 ਲੋਕ ਬੇਘਰ ਹੋ ਗਏ, ਜਿਨ੍ਹਾਂ 'ਚ ਜ਼ਿਆਦਾਤਰ ਮਜ਼ਦੂਰ ਹਨ। ਅੱਗ ਲੱਗਣ ਦੇ ਕਾਰਨਾਂ ਦਾ ਅਜੇ ਪਤਾ ਨਹੀਂ ਲੱਗ ਸਕਿਆ।

# ਫ਼ਲ ਵੇਚਣ ਵਾਲੇ ਦਾ ਪੁੱਤਰ ਬਣਿਆ ਡੀ.ਐੱਸ.ਪੀ.

ਮਊ, 9 ਅਪ੍ਰੈਲ (ਪੋਸਟ ਬਿਊਰੋ): ਇੱਕ ਸੰਘਰਸ਼ ਦੀ ਮਿਸਾਲ ਉੱਤਰ ਪ੍ਰਦੇਸ਼ ਦੇ ਮਊ ਜ਼ਿਲ੍ਹੇ ਦੇ ਅਰਵਿੰਦ ਸੋਨਕਰ ਬਣੇ ਹਨ। ਅਰਵਿੰਦ ਸੋਨਕਰ ਉੱਤਰ ਪ੍ਰਦੇਸ਼ ਲੋਕ ਸੇਵਾ ਕਮਿਸ਼ਨ ਦੀ ਪ੍ਰੀਖਿਆ ਪਾਸ ਕਰ ਕੇ ਹੁਣ ਡੀ.ਐੱਸ.ਪੀ. ਬਣ ਗਏ ਹਨ।

ਮਊ ਜ਼ਿਲ੍ਹੇ ਦੇ ਨਸੋਪੁਰ ਪਿੰਡ ਵਾਸੀ ਗੋਰਖ ਸੋਨਕਰ ਨਗਰ ਦੇ ਭੀਟੀ ਇਲਾਕੇ 'ਚ ਫ਼ਲ ਵੇਚ ਕੇ ਬਹੁਤ ਮੁਸ਼ਕਲ ਨਾਲ ਆਪਣੇ ਪਰਿਵਾਰ ਦਾ ਗੁਜ਼ਾਰਾ ਕਰਦੇ ਸਨ। ਦੋ ਪੁੱਤਾਂ ਅਤੇ ਇਕ ਧੀ 'ਚ ਸਭ ਤੋਂ ਛੋਟਾ ਪੁੱਤਰ ਅਰਵਿੰਦ ਸੋਨਕਰ ਬਚਪਨ ਤੋਂ ਹੀ ਪੜ੍ਹਾਈ ਲਿਖਾਈ ਵਿਚ ਹੋਣਹਾਰ ਸੀ। ਆਪਣੀ ਮੁੱਢਲੀ ਸਿੱਖਿਆ ਰਾਮਸਵਰੂਪ ਭਾਰਤੀ ਇੰਟਰ ਕਾਲਜ, ਮਊ ਤੋਂ ਕੀਤੀ ਅਤੇ ਇਲਾਹਾਬਾਦ 'ਚ ਆਪਣੀ ਗ੍ਰੈਜੂਏਸ਼ਨ ਪੂਰੀ ਕਰਦੇ ਹੋਏ ਅਰਵਿੰਦ ਨੇ ਸਿਵਲ ਸੇਵਾ ਦੀ ਤਿਆਰੀ ਸ਼ੁਰੂ ਕਰ ਦਿੱਤੀ।

ਅਰਵਿੰਦ ਦੇ ਘਰ ਦੀ ਗਰੀਬੀ ਦੀ ਹਾਲਤ ਅਜਿਹੀ ਹੈ ਕਿ ਅੱਜ ਵੀ ਉਸ ਦੇ ਪਰਿਵਾਰ ਦਾ ਖਾਣਾ ਲੱਕੜ ਦੇ ਚੁੱਲ੍ਹੇ 'ਤੇ ਹੀ ਪਕਾਇਆ ਜਾਂਦਾ ਹੈ। ਕਿਹਾ ਜਾਂਦਾ ਹੈ ਕਿ ਜੇਕਰ ਕੁਝ ਕਰਨ ਦਾ ਹੌਸਲਾ ਹੋਵੇ ਤਾਂ ਹਾਲਾਤ ਰਾਹ 'ਚ ਰੋੜਾ ਨਹੀਂ ਬਣਦੇ। ਅੱਜ ਅਰਵਿੰਦ ਉੱਤਰ ਪ੍ਰਦੇਸ਼ ਲੋਕ ਸੇਵਾ ਕਮਿਸ਼ਨ 'ਚ 86ਵਾਂ ਸਥਾਨ ਹਾਸਲ ਕਰਕੇ ਵਰਗੇ ਪ੍ਰਸ਼ਾਸਨਿਕ ਅਹੁਦੇ ਤੱਕ ਪਹੁੰਚ ਗਿਆ ਹੈ। ਉਸ ਦੀ ਇਹ ਸਫ਼ਲਤਾ ਅਜਿਹੇ ਨੌਜਵਾਨਾਂ ਲਈ ਇਕ ਸੁਨੇਹਾ ਹੈ, ਜੋ ਛੋਟੀਆਂ-ਛੋਟੀਆਂ ਗੱਲਾਂ ਤੋਂ ਨਿਰਾਸ਼ ਹੋ ਜਾਂਦੇ ਹਨ ਅਤੇ ਹਾਰ ਮੰਨ ਲੈਂਦੇ ਹਨ। ਅਰਵਿੰਦ ਨੇ ਆਪਣੇ ਮਾਪਿਆਂ ਦੇ ਨਾਲ-ਨਾਲ ਆਪਣੇ ਜ਼ਿਲ੍ਹੇ ਦਾ ਵੀ ਨਾਂ ਰੌਸ਼ਨ ਕੀਤਾ ਹੈ।

ਆਪਣੇ ਪੁੱਤ ਦੀ ਪੜ੍ਹਾਈ ਪ੍ਰਤੀ ਲਗਨ ਨੂੰ ਵੇਖਦੇ ਹੋਏ ਪਿਤਾ ਗੋਰਖ ਨੇ ਗਰਮੀਆਂ ਹੋਣ ਜਾਂ ਕੜਾਕੇ ਦੀ ਠੰਡ ਰੇਹੜੀ 'ਤੇ ਪਾਲੀਥੀਨ ਲਾ ਕੇ ਸੜਕ ਕੰਢੇ ਫਲ ਵੇਚ ਕੇ ਆਪਣੇ ਪੁੱਤਰ ਦੀ ਸਿੱਖਿਆ 'ਚ ਕੋਈ ਰੁਕਾਵਟ ਨਹੀਂ ਆਉਣ ਦਿੱਤੀ। ਪਰ ਅਚਨਚੇਤ ਗੋਰਖ ਦੀ ਪਤਨੀ ਯਾਨੀ ਕਿ ਅਰਵਿੰਦ ਦੀ ਮਾਂ ਦਾ ਕੈਂਸਰ ਨਾਲ ਦਿਹਾਂਤ ਹੋ ਗਿਆ ਅਤੇ ਇਸ ਸਦਮੇ ਦੇ ਕਾਰਨ ਗੋਰਖ ਨੂੰ ਵੀ ਲਕਵਾ ਮਾਰ ਗਿਆ। ਉਦੋਂ ਤੋਂ ਅਰਵਿੰਦ ਦੀ ਪੜ੍ਹਾਈ ਦਾ ਖਰਚਾ ਪੂਰਾ ਕਰਨਾ ਮੁਸ਼ਕਲ ਹੋ ਗਿਆ ਸੀ। ਅਰਵਿੰਦ ਦੇ ਮਾਮਾ ਜੀ ਨੇ ਆ ਕੇ ਗੋਰਖ ਦੇ ਫ਼ਲਾਂ ਦੀ ਰੇਹੜੀ ਦਾ ਕੰਮ ਸੰਭਾਲਿਆ। ਉਨ੍ਹਾਂ ਨੇ ਪਰਿਵਾਰ ਦੀ ਦੇਖਭਾਲ ਕੀਤੀ ਅਤੇ ਅਰਵਿੰਦ ਦੀ ਪੜ੍ਹਾਈ ਦਾ ਧਿਆਨ ਰੱਖਿਆ।

# ਕੋਰੋਨਾ ਦੇ ਵਧਦੇ ਮਾਮਲਿਆਂ ਨੂੰ ਦੇਖਦਿਆਂ ਕਈ ਸੂਬਿਆਂ ਵਿਚ ਵੱਡੇ ਫ਼ੈਸਲੇ

ਨਵੀਂ ਦਿੱਲੀ, 9 ਅਪ੍ਰੈਲ (ਪੋਸਟ ਬਿਊਰੋ): ਪਿਛਲੇ ਕੁਝ ਦਿਨਾਂ ਤੋਂ ਦੇਸ਼ ਭਰ 'ਚ ਕੋਰੋਨਾ ਦੇ ਮਾਮਲਿਆਂ 'ਚ ਲਗਾਤਾਰ ਵਾਧਾ ਦੇਖਣ ਨੂੰ ਮਿਲ ਰਿਹਾ ਹੈ। ਅਜਿਹੇ 'ਚ ਸਾਵਧਾਨੀ ਦੇ ਤੌਰ 'ਤੇ ਕਈ ਸੂਬਿਆਂ ਨੇ ਮੁੜ ਤੋਂ ਮਾਸਕ ਨੂੰ ਲਾਜ਼ਮੀ ਕਰ ਦਿੱਤਾ ਹੈ। ਕੇਰਲ ਨੇ ਗਰਭਵਤੀ ਔਰਤਾਂ, ਬਜ਼ੁਰਗਾਂ ਅਤੇ ਬੀਮਾਰਾਂ ਲਈ ਮਾਸਕ ਲਾਜ਼ਮੀ ਕਰ ਦਿੱਤਾ ਹੈ। ਕੇਰਲ ਦੀ ਸਿਹਤ ਮੰਤਰੀ ਵੀਨਾ ਜਾਰਜ ਨੇ ਸੂਬੇ 'ਚ ਕੋਵਿਡ-19 ਦੀ ਸਥਿਤੀ ਦਾ ਮੁਲਾਂਕਣ ਕਰਨ ਲਈ ਇਕ ਉੱਚ-ਪੱਧਰੀ ਮੀਟਿੰਗ 'ਚ ਇਹ ਫ਼ੈਸਲਾ ਲਿਆ।

ਹਰਿਆਣਾ ਸਰਕਾਰ ਮੁਤਾਬਕ ਜਨਤਕ ਥਾਵਾਂ 'ਤੇ ਮਾਸਕ ਪਹਿਨਣਾ ਲਾਜ਼ਮੀ ਹੈ। ਸਰਕਾਰ ਨੇ ਆਮ ਲੋਕਾਂ ਨੂੰ ਕੋਰੋਨਾ ਦੀ ਰੋਕਥਾਮ ਲਈ ਜ਼ਰੂਰੀ ਨਿਯਮਾਂ ਦੀ ਪਾਲਣਾ ਕਰਨ ਦੀ ਅਪੀਲ ਕੀਤੀ ਹੈ। ਸਰਕਾਰ ਨੇ ਜ਼ਿਲ੍ਹਾ ਤੇ ਪੰਚਾਇਤ ਪ੍ਰਸ਼ਾਸਨ ਨੂੰ ਇਸ ਦੀ ਨਿਗਰਾਨੀ ਕਰਨ ਦੇ ਹੁਕਮ ਦਿੱਤੇ ਹਨ।

ਦੂਜੇ ਪਾਸੇ ਪੁਡੂਚੇਰੀ ਤੇ ਹਰਿਆਣਾ ਪ੍ਰਸ਼ਾਸਨ ਨੇ ਵੀ ਤੁਰੰਤ ਪ੍ਰਭਾਵ ਨਾਲ ਜਨਤਕ ਥਾਵਾਂ 'ਤੇ ਮਾਸਕ ਪਹਿਨਣਾ ਲਾਜ਼ਮੀ ਕਰ ਦਿੱਤਾ ਹੈ। ਪਿਛਲੇ 24 ਘੰਟਿਆਂ 'ਚ ਦੇਸ਼ 'ਚ ਕੋਵਿਡ -19 ਦੇ 5,357 ਨਵੇਂ ਮਾਮਲੇ ਸਾਹਮਣੇ ਆਏ ਹਨ, ਜਦੋਂ ਕਿ ਇਲਾਜ ਅਧੀਨ ਮਰੀਜ਼ਾਂ ਦੀ ਗਿਣਤੀ ਵਧ ਕੇ 32,814 ਹੋ ਗਈ ਹੈ। ਕੇਂਦਰੀ ਸਿਹਤ ਮੰਤਰਾਲਾ ਵੱਲੋਂ ਐਤਵਾਰ ਸਵੇਰੇ 8 ਵਜੇ ਜਾਰੀ ਕੀਤੇ ਗਏ ਅੱਪਡੇਟ ਅੰਕੜਿਆਂ ਮੁਤਾਬਕ ਦੇਸ਼ 'ਚ ਇਨਫੈਕਸ਼ਨ ਕਾਰਨ 11 ਹੋਰ ਮਰੀਜ਼ਾਂ ਦੀ ਮੌਤ ਹੋਣ ਨਾਲ ਮ੍ਰਿਤਕਾਂ ਦੀ ਕੁੱਲ ਗਿਣਤੀ 5,30,965 ਹੋ ਗਈ ਹੈ।

# ਅਮਰੀਕਾ ਦੇ ਕ੍ਰਿਸਟੀਆਨਾ ਮਾਲ ਵਿਚ ਗੋਲੀਬਾਰੀ, ਤਿੰਨ ਲੋਕਾਂ ਦੀ ਮੌਤ

ਡੇਲਾਵੇਅਰ, 9 ਅਪ੍ਰੈਲ (ਪੋਸਟ ਬਿਊਰੋ): ਅਮਰੀਕਾ ਦੇ ਕ੍ਰਿਸਟੀਆਨਾ ਮਾਲ ਵਿਚ ਗੋਲੀਬਾਰੀ ਦੌਰਾਨ ਤਿੰਨ ਲੋਕਾਂ ਦੀ ਮੌਤ ਹੋ ਗਈ ਹੈ। ਡੇਲਾਵੇਅਰ ਸੂਬੇ ਦੇ ਇਕ ਮਾਲ 'ਚ ਗੋਲੀਬਾਰੀ ਦੌਰਾਨ ਤਿੰਨ ਲੋਕ ਜ਼ਖ਼ਮੀ ਹੋ ਗਏ, ਜਿਸ ਤੋਂ ਬਾਅਦ ਮਾਲ ਨੂੰ ਖਾਲੀ ਕਰਨਾ ਪਿਆ। ਪੁਲਸ ਵੱਲੋਂ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਡੇਲਾਵੇਅਰ ਸੂਬਾ



ਪੁਲਸ ਨੇ ਕਿਹਾ ਕਿ ਪੈਨਸਿਲਵੇਨੀਆ ਨੇੜੇ ਕ੍ਰਿਸਟੀਆਨਾ ਮਾਲ ਗੋਲੀਬਾਰੀ ਦੇ ਸ਼ੱਕੀ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ ਹੈ। ਪੁਲਸ ਨੇ ਟਵਿੱਟਰ 'ਤੇ ਕਿਹਾ ਕਿ ਅਸੀਂ ਇਸ ਗੱਲ ਦੀ ਪੁਸ਼ਟੀ ਕਰ ਸਕਦੇ ਹਾਂ ਕਿ ਗੋਲੀਆਂ ਲੱਗਣ ਕਾਰਨ ਤਿੰਨ ਲੋਕ ਜ਼ਖ਼ਮੀ ਹੋ ਗਏ ਹਨ, ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਦਾਖ਼ਲ ਕਰਵਾਇਆ ਗਿਆ ਹੈ।


ਪੁਲਸ ਨੇ ਕਿਹਾ ਕਿ ਇਸ ਸਮੇਂ ਕ੍ਰਿਸਟੀਆਨਾ ਮਾਲ ਅਤੇ ਆਸ ਪਾਸ ਦੇ ਖੇਤਰਾਂ ਵਿੱਚ ਜਨਤਕ ਸੁਰੱਖਿਆ ਦੀ ਕੋਈ ਚਿੰਤਾ ਨਹੀਂ ਹੈ। ਉਨ੍ਹਾਂ ਨੇ ਇਕ ਬਿਆਨ 'ਚ ਕਿਹਾ ਕਿ ਮਾਲ ਸ਼ਨੀਵਾਰ ਸ਼ਾਮ ਨੂੰ ਬੰਦ ਰਹੇਗਾ। ਡਬਲਯੂਪੀਵੀਆਈ ਟੀਵੀ ਨੇ ਖ਼ਬਰ ਦਿੱਤੀ ਕਿ ਮਾਲ ਦੇ ਫੂਡ ਕੋਰਟ 'ਚ ਤਿੰਨ ਲੋਕਾਂ ਨੂੰ ਗੋਲੀਆਂ ਮਾਰੀਆਂ ਗਈਆਂ ਹਨ। ਰਿਪੋਰਟ ਦੇ ਅਨੁਸਾਰ ਪੁਲਸ ਨੇ ਲੋਕਾਂ ਨੂੰ ਕ੍ਰਿਸਟੀਨਾ ਮਾਲ 'ਚ ਨਾ ਜਾਣ ਲਈ ਕਿਹਾ ਹੈ ਕਿਉਂਕਿ ਅਧਿਕਾਰੀਆਂ ਵੱਲੋਂ ਜਾਂਚ ਕੀਤੀ ਜਾ ਰਹੀ ਹੈ।

# ਕਾਂਗੋ ਵਿਚ ਅੱਤਵਾਦੀ ਹਮਲਾ ਵਿਚ 20 ਲੋਕਾਂ ਦੀ ਮੌਤ



ਕਿਨਸ਼ਾਸਾ, 9 ਅਪ੍ਰੈਲ (ਪੋਸਟ ਬਿਊਰੋ): ਮੱਧ ਅਫਰੀਕੀ ਦੇਸ਼ ਡੈਮੋਕ੍ਰੇਟਿਕ ਰਿਪਬਲਿਕ ਆਫ ਕਾਂਗੋ ਦੇ ਪੂਰਬੀ ਹਿੱਸੇ ਵਿੱਚ ਇਕ ਅੱਤਵਾਦੀ ਹਮਲਾ ਹੋਇਆ, ਜਿਸ ਵਿੱਚ 20 ਦੇ ਕਰੀਬ ਲੋਕ ਮਾਰੇ ਗਏ। ਇਸਲਾਮਿਕ ਸਟੇਟ ਨੇ ਹਮਲੇ ਦੀ ਜ਼ੰਮੇਵਾਰੀ ਲਈ ਹੈ। ਅਧਿਕਾਰੀਆਂ ਨੇ ਦੱਸਿਆ ਕਿ ਇਹ ਹਮਲਾ 7 ਅਪ੍ਰੈਲ ਨੂੰ ਬੇਨੀ ਦੇ ਬਾਹਰਵਾਰ ਮੁਸੰਦਾਬਾ ਪਿੰਡ 'ਚ ਹੋਇਆ ਸੀ।

ਇਸਲਾਮਿਕ ਸਟੇਟ ਨੇ ਆਪਣੇ ਟੈਲੀਗ੍ਰਾਮ ਚੈਨਲ 'ਤੇ ਇਕ ਬਿਆਨ 'ਚ ਹਮਲੇ ਦੀ ਜ਼ਿੰਮੇਵਾਰੀ ਲਈ ਹੈ। ਫੌਜ ਅਤੇ ਸਥਾਨਕ ਅਧਿਕਾਰੀਆਂ ਨੇ ਹਮਲੇ ਲਈ ਪੂਰਬੀ ਕਾਂਗੋ ਵਿਚ ਸਥਿਤ ਯੂਗਾਂਡਾ ਦੇ ਇਕ ਸਮੂਹ ਅਲਾਇਡ ਡੈਮੋਕ੍ਰੇਟਿਕ ਫੋਰਸਿਜ਼ (ਏ.ਡੀ.ਐੱਫ.) ਨੂੰ ਜ਼ਿੰਮੇਵਾਰ ਠਹਿਰਾਇਆ ਹੈ, ਜਿਸ ਨੇ ਇਸਲਾਮਿਕ ਸਟੇਟ ਪ੍ਰਤੀ ਵਫ਼ਾਦਾਰੀ ਦਾ ਵਾਅਦਾ ਕੀਤਾ ਹੈ।









URGENTLY NEED NEW LISTINGS IN BRAMPTON/CALEDON



visit: www.teamjagaujla.com

ADVERTISEMENT GUARANTEED TILL SOLD

JAG AUJLA

MCNE, REAL ESTATE BROKER

416-371-7777

e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION

www.BramptonTopRealtor.com

RECENTLY LISTED/SOLD IN YOUR NEIGHBOURHOOD

**Hwy 7/ Churchill Rd/Tanners Dr**



ਵਧੀਆ ਲੋਕੇਸ਼ਨ, ਡਬਲ ਸਟੋਰੀ ਘਰ, 3400 ਸਕੇਅਰ ਫੁਟ, 3 ਖੁਲੇ-ਡੁਲੇ ਬੈਡਰੂਮ, ਫਿਨੀਸ਼ਡ ਬੈਸਮੈਂਟ, ਸਟੋਨ ਪੈਟਿਓ, ਪਾਵਰ ਗਰਾਜ਼ ਤੇ ਹੋਰ ਵੀ ਬਹੁਤ ਕੁਝ, ਅੱਜ ਹੀ ਸੰਪਰਕ ਕਰੋ।

**Mclaughlin Rd & Steeles Ave**



ਸੋਹਣਾ ਤੇ ਸਾਫ ਸੁਧਰਾ, ਮਾਡਰਨ ਲੇਆਓਟ, 3515 ਸਕੇਅਰ ਫੁਟ ਵਿਚ 4 + 2 ਬੈਡਰੂਮ ਤੇ 5 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਨਵੇ ਰੂਫ ਸ਼ਿੰਗਲ, ਪਿਛਲੇ ਸਾਲ ਬਣੀ ਬੈਸਮੈਂਟ। ਸੰਪਰਕ ਕਰੋ

**Wanless /Queen Mary /Mclaughlin**



2016 ਵਿਚ ਬਣਿਆ, ਡਬਲ ਡੋਰ ਗਰਾਜ਼, 4364 ਸਕੇਅਰ ਫੁਟ, 4 ਖੁਲੇ-ਡੁਲੇ ਬੈਡਰੂਮ ਤੇ 5 ਵਾਸ਼ਰੂਮ, ਫਿਨੀਸ਼ਡ ਬੈਸਮੈਂਟ ਜਿਸ ਨੂੰ ਸੈਪਰੇਟ ਏਨੰਟਰੈਂਸ ਤੇ 2 ਬੈਡਰੂਮ ਲਈ ਸੰਪਰਕ ਕਰੋ।

**Chinguacousy & Bovaird**




ਸ਼ਾਨਦਾਰ ਤੇ ਸਾਫ ਸੁਧਰਾ, ਮਾਡਰਨ ਲੇਆਓਟ ਵਿਚ 4 ਬੈਡਰੂਮ ਤੇ 4 ਵਾਸ਼ਰੂਮ ਦਾ ਘਰ, ਲੈਮੀਨੇਟ ਫਲੋਰ, ਅਪਗ੍ਰੇਡਡ ਕਿਚਨ, ਫਿਨੀਸ਼ ਬੈਸਮੈਂਟ ਤੇ ਹੋਰ ਵੀ ਕਈ ਅਪਗ੍ਰੇਡਜ਼, ਸੰਪਰਕ ਕਰੋ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232

JAG AUJLA 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

# Dr. Randhawa Dentistry



*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment


Dr. Samreet Kaur Randhawa
General Family Dentist

New Patients welcome
Deal Directly with all Insurance Companies

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

Mayfield Rd
Mcvean Dr
DENTISTRY
Squire Ellis Dr
Gore Rd
Countryside Dr

# Grand Upholstery Ltd



Sofa Company Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ **L Shape** ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com




ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!

VEGETARIAN FOOD
HEALTHY EATING

FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017